ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 17 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੩ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਸਮਾਗਮ ਲਈ 10 ਜੂਨ ਨੂੰ ਪਾਕਿਸਤਾਨ ਰਵਾਨਾ ਹੋਵੇਗਾ ਸਿੱਖ ਜੱਥਾ

**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਮਨਾਏ ਜਾਣ ਵਾਲੇ ਪੰਜਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਲਾਨਾ ਸ਼ਹੀਦੀ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਸਿੱਖ ਸ਼ਰਧਾਲੂਆਂ ਦਾ ਵਿਸ਼ੇਸ਼ ਜੱਥਾ ਆਉਂਦੀ 10 ਜੂਨ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਇਸ ਧਾਰਮਿਕ ਯਾਤਰਾ ਨੂੰ ਲੈ ਕੇ ਸੰਗਤ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਹੁਣ ਤੱਕ ਕਰੀਬ 600 ਸ਼ਰਧਾਲੂਆਂ ਵੱਲੋਂ ਵੀਜ਼ਾ ਪ੍ਰਕਿਰਿਆ ਲਈ ਆਪਣੇ ਪਾਸਪੋਰਟ ਜਮ੍ਹਾਂ ਕਰਵਾਏ ਜਾ ਚੁੱਕੇ ਹਨ। ਨਿਰਧਾਰਿਤ ਪ੍ਰੋਗਰਾਮ ਅਨੁਸਾਰ ਜੱਥਾ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਨ ਤੋਂ ਇਲਾਵਾ ਲਾਹੌਰ ਵਿਖੇ ਹੋਣ ਵਾਲੇ ਸ਼ਹੀਦੀ ਸਮਾਗਮਾਂ ਵਿੱਚ ਹਾਜ਼ਰੀ ਭਰੇਗਾ ਅਤੇ 19 ਜੂਨ ਨੂੰ ਵਾਪਸ ਭਾਰਤ ਪਰਤੇਗਾ। ਜ਼ਿਕਰਯੋਗ ਹੈ ਕਿ ਪਿਛਲੇ ਸਮੇਂ ਦੌਰਾਨ ਨਾਨਕਸ਼ਾਹੀ ਕੈਲੰਡਰ ਦੀਆਂ ਤਰੀਕਾਂ ਸਬੰਧੀ ਪੈਦਾ ਹੋਏ ਵਿਵਾਦ ਕਾਰਨ ਸੰਗਤ ਸ਼ਹੀਦੀ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਤੋਂ ਵਾਂਝੀ ਰਹਿ ਗਈ ਸੀ। ਹਾਲਾਂਕਿ ਇਸ ਵਾਰ ਯਾਤਰਾ ਨੂੰ ਲੈ ਕੇ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ, ਪਰ ਸਰਕਾਰ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਨਾ ਹੋਣ ਕਾਰਨ ਪ੍ਰਬੰਧਕਾਂ ਅਤੇ ਸ਼ਰਧਾਲੂਆਂ ਵਿੱਚ ਉਡੀਕ ਦਾ ਮਾਹੌਲ ਬਣਿਆ ਹੋਇਆ ਹੈ। ਜੱਥੇ ਦੇ ਪ੍ਰਬੰਧਕਾਂ ਨੂੰ ਉਮੀਦ ਹੈ ਕਿ ਸਰਕਾਰ ਵੱਲੋਂ ਜਲਦ ਹੀ ਮਨਜ਼ੂਰੀ ਮਿਲ ਜਾਵੇਗੀ ਤਾਂ ਜੋ ਸਿੱਖ ਸ਼ਰਧਾਲੂ ਬਿਨਾਂ ਕਿਸੇ ਰੁਕਾਵਟ ਦੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰ ਸਕਣ।

# 40 ਡਿਗਰੀ ਤੱਕ ਪਹੁੰਚਿਆ ਪੰਜਾਬ ਦਾ ਤਾਪਮਾਨ

# ਮੌਸਮ ਵਿਭਾਗ ਵੱਲੋਂ ਹੀਟਵੇਵ ਲਈ ਅਲਰਟ ਜਾਰੀ



**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਗੜਬੜੀ ਤੋਂ ਬਾਅਦ ਪੰਜਾਬ ਵਿੱਚ ਰਾਹਤ ਦੇ ਦਿਨ ਹੁਣ ਖਤਮ ਹੋਣ ਵਾਲੇ ਹਨ। ਮੌਸਮ ਵਿਭਾਗ, ਚੰਡੀਗੜ੍ਹ ਵੱਲੋਂ ਜਾਰੀ ਭਵਿੱਖਬਾਣੀ ਅਨੁਸਾਰ, ਅੱਜ ਸੂਬੇ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਮੌਸਮ ਆਮ ਰਹੇਗਾ। ਦੱਸ ਦਈਏ ਕਿ 17 ਮਈ ਤੋਂ ਗਰਮੀ ਫਿਰ ਤੇਜ਼ ਹੋ ਜਾਵੇਗੀ। ਵਿਭਾਗ ਨੇ ਦੱਖਣ-ਪੱਛਮੀ ਪੰਜਾਬ ਦੇ ਕਈ ਜ਼ਿਲ੍ਹਿਆਂ ਲਈ ਗਰਮੀ ਦੀ ਲਹਿਰ ਦੀ ਚੇਤਾਵਨੀ ਜਾਰੀ ਕੀਤੀ ਹੈ। ਪੱਛਮੀ ਗੜਬੜੀ ਦੇ ਖਤਮ ਹੋਣ ਦੇ ਨਾਲ, ਸ਼ੁੱਕਰਵਾਰ ਨੂੰ ਸੂਬੇ ਵਿੱਚ ਔਸਤ ਤਾਪਮਾਨ 2 ਡਿਗਰੀ ਘੱਟ ਗਿਆ। ਹਾਲਾਂਕਿ, ਵੱਧ ਤੋਂ ਵੱਧ ਤਾਪਮਾਨ ਅਜੇ ਵੀ 40 ਡਿਗਰੀ ਤੋਂ ਉੱਪਰ ਰਿਹਾ। ਅੱਜ ਤਾਪਮਾਨ ਥੋੜ੍ਹਾ ਵਧਣ ਦੀ ਉਮੀਦ ਹੈ। ਸ਼ੁੱਕਰਵਾਰ ਨੂੰ ਬਠਿੰਡਾ ਪੰਜਾਬ ਦਾ ਸਭ ਤੋਂ ਗਰਮ ਜ਼ਿਲ੍ਹਾ ਸੀ, ਜਿੱਥੇ ਵੱਧ ਤੋਂ ਵੱਧ ਤਾਪਮਾਨ 41 ਡਿਗਰੀ ਸੈਲਸੀਅਸ ਸੀ। ਪੰਜਾਬ ਵਿੱਚ, ਬਠਿੰਡਾ ਨੂੰ ਛੱਡ ਕੇ, ਜ਼ਿਆਦਾਤਰ ਸ਼ਹਿਰਾਂ ਵਿੱਚ ਤਾਪਮਾਨ 40 ਡਿਗਰੀ ਤੋਂ ਹੇਠਾਂ ਜਾਂ ਆਸ-ਪਾਸ ਰਿਹਾ। ਫਾਜ਼ਿਲਕਾ ਵਿੱਚ 39.9 ਡਿਗਰੀ, ਮਾਨਸਾ ਵਿੱਚ 39.2 ਡਿਗਰੀ, ਪਟਿਆਲਾ ਵਿੱਚ 38.8 ਡਿਗਰੀ ਅਤੇ ਲੁਧਿਆਣਾ ਵਿੱਚ 36.8 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਅੰਮ੍ਰਿਤਸਰ ਵਿੱਚ 34.6 ਡਿਗਰੀ ਅਤੇ ਜਲੰਧਰ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ 36 ਡਿਗਰੀ ਦੇ ਆਸ-ਪਾਸ ਤਾਪਮਾਨ ਦਰਜ ਕੀਤਾ ਗਿਆ।

## ਪੰਜਾਬ 'ਚ ਵੱਡਾ ਸਿਆਸੀ ਧਮਾਕਾ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ 'ਆਪ' 'ਚ ਸ਼ਾਮਲ

**ਚੰਡੀਗੜ੍ਹ, 16 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਵਿੱਚ ਲਗਾਤਾਰ ਹਲਚਲ ਜਾਰੀ ਹੈ। ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਈ ਵੱਡਾ ਸਿਆਸੀ ਧਮਾਕੇ ਹੋ ਰਹੇ ਹਨ। ਦੱਸ ਦੇਈਏ ਕਿ ਸਿਆਸਤ ਤੋਂ ਸਭ ਤੋਂ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਦਰਅਸਲ, ਸਿਆਸਤ ਵਿੱਚ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ ਜਦੋਂ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਅਧਿਕਾਰਤ ਤੌਰ 'ਤੇ 'ਆਪ' ਦੇ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਖ਼ੁਦ ਉਨ੍ਹਾਂ ਦੀ ਪਾਰਟੀ ਵਿੱਚ ਸ਼ਮੂਲੀਅਤ ਕਰਵਾਈ, ਜਿਸ ਦੌਰਾਨ ਰੱਖੜਾ



ਦੇ ਨਾਲ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕਾਂ ਅਤੇ ਹਮਾਇਤੀਆਂ ਨੇ ਵੀ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਅਤੇ ਕੰਮਾਂ ਦੀ ਜੰਮ ਕੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਗਏ ਕੰਮਾਂ ਤੋਂ ਪੰਜਾਬ ਵਾਸੀ ਬੇਹੱਦ ਖ਼ੁਸ਼ ਹਨ। ਰੱਖੜਾ ਨੇ ਖ਼ਾਸ ਤੌਰ 'ਤੇ ਜ਼ਿਕਰ ਕੀਤਾ ਕਿ ਮਾਨ ਸਰਕਾਰ ਵੱਲੋਂ ਬੇਅਦਬੀ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣਾ ਇੱਕ ਬਹੁਤ ਹੀ ਸ਼ਲਾਘਾਯੋਗ ਕਦਮ ਹੈ ਅਤੇ ਇਸ ਦੇ ਨਾਲ ਹੀ ਭਗਵੰਤ ਮਾਨ ਸਹੀ ਮਾਅਨਿਆਂ ਵਿੱਚ ਪੰਜਾਬ ਦੇ ਪਾਣੀਆਂ ਦੇ ਰਾਖੇ ਬਣ ਕੇ ਸਾਹਮਣੇ ਆਏ ਹਨ।

## ਐਸ. ਡੀ. ਐਮ. ਅਨੁਪ੍ਰੀਤ ਗ੍ਰਿਫਤਾਰ; 1.63 ਕਰੋੜ ਰੁਪਏ ਦੇ ਗਬਨ ਦੇ ਮਾਮਲੇ 'ਚ ਹੋਈ ਗ੍ਰਿਫਤਾਰੀ

**ਚੰਡੀਗੜ੍ਹ/ਗੁਰਦਾਸਪੁਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਵਿਖੇ ਐਸ.ਡੀ.ਐਮ. ਦੀ ਸੇਵਾ ਨਿਭਾਅ ਰਹੇ ਪੀ.ਸੀ.ਐਸ. ਅਧਿਕਾਰੀ ਅਨੁਪ੍ਰੀਤ ਕੌਰ ਰੰਧਾਵਾ ਨੂੰ ਸਵੇਰੇ 7 ਵਜੇ ਪੁਲਿਸ ਜਿਲਾ ਤਰਨ ਤਰਨ ਦੀ ਪੱਟੀ ਪੁਲਿਸ ਵਲੋਂ ਹਿਰਾਸਤ ਵਿਚ ਲੈ ਲਿਆ ਗਿਆ। ਮਿਲੀ ਜਾਣਕਾਰੀ ਮੁਤਾਬਿਕ ਇਸ ਮਾਮਲੇ ਨੂੰ ਜੰਮੂ ਕਸ਼ਮੀਰ- ਰਾਜਸਥਾਨ ਹਾਈਵੇ ਲਈ ਐਕੁਆਇਰ ਕੀਤੀ ਜ਼ਮੀਨ ਦੇ ਵਿਚ ਹੋਏ ਗਬਨ ਦੇ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਇਸ ਸਬੰਧੀ ਅਨੁਪ੍ਰੀਤ ਕੌਰ 'ਤੇ ਇਕ ਕਰੋੜ 63 ਲੱਖ ਰੁਪਏ ਦੇ ਗਬਨ ਦਾ ਕੇਸ ਚੱਲ ਰਿਹਾ ਸੀ। ਮਾਮਲੇ ਸਬੰਧੀ ਕਾਰਵਾਈ ਕਰਦੇ ਹੋਏ ਪੁਲਿਸ ਨੇ ਇਸ ਮਾਮਲੇ ਵਿਚ ਹੀ ਐਸ.ਡੀ.ਐਮ. ਅਨੁਪ੍ਰੀਤ ਕੌਰ ਰੰਧਾਵਾ ਨੂੰ ਪੱਟੀ 'ਚ ਪੁਲਿਸ ਵਲੋਂ ਸਵੇਰੇ ਉਨ੍ਹਾਂ ਦੇ ਸਰਕਾਰੀ ਘਰ ਤੋਂ



ਹਿਰਾਸਤ ਵਿਚ ਲਿਆ ਗਿਆ ਹੈ। ਅਨੁਪ੍ਰੀਤ ਕੌਰ ਰੰਧਾਵਾ ਵਿਰੁੱਧ 1 ਕਰੋੜ 63 ਲੱਖ ਰੁਪਏ ਦੇ ਗਬਨ ਦਾ ਮਾਮਲਾ ਚੱਲ ਰਿਹਾ ਸੀ। ਉਸ ਸਮੇਂ ਅਨੁਪ੍ਰੀਤ ਤਰਨਤਾਰਨ ਦੇ ਪੱਟੀ ਵਿੱਚ ਤਾਇਨਾਤ ਸੀ। ਇਸ ਮਾਮਲੇ ਵਿੱਚ ਪੁਲਿਸ ਨੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮਾਮਲੇ ਦੀ ਜਾਂਚ ਅਜੇ ਵੀ ਜਾਰੀ ਹੈ ਅਤੇ ਪੁਲਿਸ ਕਾਰਵਾਈ ਕਰ ਰਹੀ ਹੈ। ਇਸ ਵੇਲੇ ਉਹ ਗੁਰਦਾਸਪੁਰ ਜ਼ਿਲ੍ਹੇ ਵਿੱਚ ਐਸਡੀਐਮ ਵਜੋਂ ਕੰਮ ਕਰ ਰਹੀ ਸੀ। ਉਨ੍ਹਾਂ ਕੋਲ ਨਗਰ ਕੌਂਸਲ ਦਾ ਵਾਧੂ ਚਾਰਜ ਵੀ ਸੀ। ਪੀਸੀਐਸ ਅਧਿਕਾਰੀ ਅਨੁਪ੍ਰੀਤ ਕੌਰ 'ਤੇ ਰਾਜਸਥਾਨ-ਜੰਮੂ ਕਸ਼ਮੀਰ ਰਾਸ਼ਟਰੀ ਰਾਜਮਾਰਗ ਦੇ ਨਿਰਮਾਣ ਦੌਰਾਨ ਸਰਕਾਰ ਵੱਲੋਂ ਜ਼ਮੀਨ ਪ੍ਰਾਪਤੀ ਦੌਰਾਨ ਉਨ੍ਹਾਂ ਲੋਕਾਂ ਨੂੰ ਲਾਭ ਪਹੁੰਚਾਉਣ ਦਾ ਇਲਜ਼ਾਮ ਹੈ ਜਿਨ੍ਹਾਂ ਕੋਲ ਜ਼ਮੀਨ ਨਹੀਂ ਸੀ। ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ ਪੱਟੀ ਦੇ ਸਾਬਕਾ ਐਸਡੀਐਮ ਨਵਰਾਜ ਸਿੰਘ ਬਰਾੜ ਨੇ 5 ਸਤੰਬਰ, 2018 ਨੂੰ ਤਤਕਾਲੀ ਡਿਪਟੀ ਕਮਿਸ਼ਨਰ ਆਫ਼ ਪੁਲਿਸ, ਪ੍ਰਦੀਪ ਸੱਭਰਵਾਲ ਕੋਲ ਇਸ ਗਬਨ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ। ਇਲਜ਼ਾਮ ਇਹ ਸੀ ਕਿ 9 ਜਨਵਰੀ, 2018 ਤੋਂ 11 ਫਰਵਰੀ, 2019 ਦੇ ਵਿਚਕਾਰ, ਸਰਕਾਰ ਦੁਆਰਾ ਜ਼ਮੀਨ ਪ੍ਰਾਪਤੀ ਲਈ ਜਾਰੀ ਕੀਤੀ ਗਈ 1.63 ਕਰੋੜ ਰੁਪਏ ਦੀ ਰਕਮ ਪੰਜ ਅਯੋਗ ਵਿਅਕਤੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ ਸੀ। ਸੂਤਰਾਂ ਮੁਤਾਬਿਕ ਹਾਸਿਲ ਜਾਣਕਾਰੀ ਮੁਤਾਬਿਕ ਤਕਰੀਬਨ 5 ਵਿਅਕਤੀਆਂ ਦੇ ਖਾਤੇ 'ਚ ਪੈਸੇ ਟ੍ਰਾਂਸਫਰ ਕੀਤੇ ਗਏ ਸੀ। ਇਹ ਵਿਅਕਤੀ ਹਨ ਅੰਮ੍ਰਿਤਸਰ ਦੇ ਮਾਨਾਂਵਾਲਾ ਦੀ ਰਹਿਣ ਵਾਲੀ ਜਸਬੀਰ ਕੌਰ, ਤਰਨਤਾਰਨ ਦੇ ਫਤਿਹਪੁਰ ਅਲਗੋ ਮਹਿਮੂਦਪੁਰਾ ਦੀ ਰਹਿਣ ਵਾਲੀ ਰਾਜਵਿੰਦਰ ਕੌਰ, ਕੋਟ ਦਸੌਂਧੀ ਮੱਲ ਦੇ ਰਹਿਣ ਵਾਲੇ ਸਰਤਾਜ ਸਿੰਘ, ਅੰਮ੍ਰਿਤਸਰ ਦੇ ਹੁਸ਼ਿਆਰ ਨਗਰ ਦੇ ਰਹਿਣ ਵਾਲੇ ਬਿਕਰਮਜੀਤ ਸਿੰਘ ਅਤੇ ਕੋਟ ਦਸੌਂਧੀ ਮੱਲ ਦੀ ਰਹਿਣ ਵਾਲੀ ਗੁਰਜੀਤ ਕੌਰ ਹੈ। ਬਰਾੜ ਦੀ ਜਾਂਚ ਦੇ ਆਧਾਰ 'ਤੇ, 5 ਸਤੰਬਰ, 2019 ਨੂੰ ਸਿਟੀ ਪੱਟੀ ਪੁਲਿਸ ਸਟੇਸ਼ਨ ਵਿੱਚ ਭਾਰਤੀ ਦੰਡ ਸੰਹਿਤਾ ਦੀਆਂ ਧਾਰਾਵਾਂ 419, 420, 409 ਅਤੇ 1202 ਦੇ ਤਹਿਤ ਮਾਮਲਾ ਨੰਬਰ 47 ਦਰਜ ਕੀਤਾ ਗਿਆ ਸੀ।

## ਅਮਰੀਕੀ ਅਧਿਕਾਰੀਆਂ ਨੇ ਡਸਟਬਿਨ 'ਚ ਸੁੱਟ'ਤੇ ਚੀਨ ਦੇ ਤੋਹਫ਼ੇ ! ਜਹਾਜ਼ 'ਚ ਨਹੀਂ ਰੱਖੀ ਇਕ ਵੀ 'ਚੀਜ਼'

**ਬੀਜਿੰਗ, 16 ਮਈ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੋ-ਦਿਨਾ ਚੀਨ ਦੌਰੇ ਦੇ ਖ਼ਤਮ ਹੋਣ ਤੋਂ ਬਾਅਦ ਇੱਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਬੀਜਿੰਗ ਦੇ ਹਵਾਈ ਅੱਡੇ 'ਤੇ ਅਮਰੀਕੀ ਰਾਸ਼ਟਰਪਤੀ ਦੇ ਸਰਕਾਰੀ ਜਹਾਜ਼ 'ਏਅਰ ਫੋਰਸ ਵਨ' 'ਤੇ ਸਵਾਰ ਹੋਣ ਤੋਂ ਪਹਿਲਾਂ, ਪੂਰੇ ਅਮਰੀਕੀ ਵਫ਼ਦ ਨੇ ਚੀਨੀ ਅਧਿਕਾਰੀਆਂ ਦੁਆਰਾ ਦਿੱਤੇ ਗਏ ਸਾਰੇ ਤੋਹਫ਼ੇ ਤੇ ਬਰਨਰ ਫ਼ੋਨ ਜਹਾਜ਼ ਦੀਆਂ ਪੌੜੀਆਂ ਦੇ ਕੋਲ ਰੱਖੇ ਇੱਕ ਡਸਟਬਿਨ 'ਚ ਸੁੱਟ ਦਿੱਤੇ।




ਅਮਰੀਕੀ ਸੁਰੱਖਿਆ ਏਜੰਸੀਆਂ ਵੱਲੋਂ ਜਾਰੀ ਇਹ ਹੁਕਮ ਬਿਲਕੁਲ ਸਪੱਸ਼ਟ ਸੀ ਕਿ ਚੀਨ ਦੀ ਬਣੀ ਕੋਈ ਵੀ ਚੀਜ਼ ਜਹਾਜ਼ ਦੇ ਅੰਦਰ ਨਹੀਂ ਜਾਣ ਦਿੱਤੀ ਜਾਵੇਗੀ।

ਵ੍ਹਾਈਟ ਹਾਊਸ ਦੀ ਸੁਰੱਖਿਆ ਅਤੇ ਸੀਕ੍ਰੇਟ ਸਰਵਿਸ ਨੇ ਚੀਨ ਵੱਲੋਂ ਜਾਸੂਸੀ ਜਾਂ ਟ੍ਰੈਕਿੰਗ ਕੀਤੇ ਜਾਣ ਦੇ ਖ਼ਦਸ਼ੇ ਕਾਰਨ ਇਹ ਸਖ਼ਤ ਕਦਮ ਚੁੱਕਿਆ। ਵਾਸ਼ਿੰਗਟਨ ਰਵਾਨਾ ਹੋਣ ਤੋਂ ਪਹਿਲਾਂ ਜਦੋਂ ਪੱਤਰਕਾਰਾਂ ਨੇ ਟਰੰਪ ਨੂੰ ਪੁੱਛਿਆ ਕਿ ਕੀ ਉਨ੍ਹਾਂ ਨੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਸਾਈਬਰ ਹਮਲਿਆਂ ਬਾਰੇ ਗੱਲ ਕੀਤੀ ਹੈ, ਤਾਂ ਟਰੰਪ ਨੇ ਖੁੱਲ੍ਹ ਕੇ ਕਿਹਾ, "ਹਾਂ, ਇਹ ਅਜਿਹੀ ਚੀਜ਼ ਹੈ ਕਿਉਂਕਿ ਅਸੀਂ ਵੀ ਉਨ੍ਹਾਂ 'ਤੇ ਬਹੁਤ ਜ਼ਿਆਦਾ ਜਾਸੂਸੀ ਕਰਦੇ ਹਾਂ।"

ਸੁਰੱਖਿਆ ਦੇ ਲਿਹਾਜ਼ ਨਾਲ ਟਰੰਪ, ਐਲਨ ਮਸਕ ਅਤੇ ਐਨਵੀਡੀਆ ਦੇ ਸੀ.ਈ.ਓ. ਜੈਨਸਨ ਹੁਆਂਗ ਵਰਗੇ ਦਿੱਗਜਾਂ ਨੇ ਆਪਣੇ ਨਿੱਜੀ ਫ਼ੋਨ ਅਮਰੀਕਾ ਵਿੱਚ ਹੀ ਛੱਡ ਦਿੱਤੇ ਸਨ। ਜੋ ਫ਼ੋਨ ਜਹਾਜ਼ ਵਿੱਚ ਸਨ, ਉਨ੍ਹਾਂ ਨੂੰ 'ਫ਼ਾਰਾਡੇ ਬੈਗਜ਼' (ਜੋ ਵਾਈ-ਫਾਈ, ਬਲੂਟੁੱਥ ਅਤੇ ਜੀ.ਪੀ.ਐੱਸ. ਸਿਗਨਲ ਬਲਾਕ ਕਰਦੇ ਹਨ) 'ਚ ਰੱਖਿਆ ਗਿਆ ਸੀ। ਪੂਰੇ ਦੌਰੇ ਦੌਰਾਨ ਸਿਰਫ਼ ਬੇਸਿਕ ਫੰਕਸ਼ਨਾਂ ਵਾਲੇ ਬਰਨਰ ਫ਼ੋਨਾਂ ਦੀ ਵਰਤੋਂ ਕੀਤੀ ਗਈ।

ਭਾਵੇਂ ਟਰੰਪ-ਸ਼ੀ ਜਿਨਪਿੰਗ ਮੁਲਾਕਾਤ ਬਾਹਰੋਂ ਦੋਸਤਾਨਾ ਲੱਗ ਰਹੀ ਸੀ, ਪਰ ਪਰਦੇ ਦੇ ਪਿੱਛੇ ਦੋਵਾਂ ਦੇਸ਼ਾਂ ਦੇ ਅਧਿਕਾਰੀਆਂ ਵਿਚਕਾਰ ਭਾਰੀ ਤਣਾਅ ਦੇਖਣ ਨੂੰ ਮਿਲਿਆ। ਬੀਜਿੰਗ ਦੇ 'ਟੈਂਪਲ ਆਫ਼ ਹੈਵਨ' ਵਿਖੇ ਇੱਕ ਅਮਰੀਕੀ ਸੀਕ੍ਰੇਟ ਸਰਵਿਸ ਏਜੰਟ ਨੂੰ ਹਥਿਆਰ ਲੈ ਕੇ ਜਾਣ ਕਾਰਨ ਚੀਨੀ ਸੁਰੱਖਿਆ ਕਰਮਚਾਰੀਆਂ ਨੇ ਰੋਕ ਦਿੱਤਾ, ਜਿਸ ਕਾਰਨ ਦੋਵਾਂ ਧਿਰਾਂ ਵਿੱਚ ਹੱਥੋਪਾਈ ਅਤੇ ਤਿੱਖੀ ਬਹਿਸ ਹੋਈ। ਬੀਜਿੰਗ ਵਿੱਚ ਵ੍ਹਾਈਟ ਹਾਊਸ ਦੇ ਇੱਕ ਉੱਚ ਅਧਿਕਾਰੀ ਨੂੰ ਚੀਨੀ ਮੀਡੀਆ ਦੇ ਕਰਮਚਾਰੀਆਂ ਨੇ ਬੁਰੀ ਤਰ੍ਹਾਂ ਲਤਾੜ ਦਿੱਤਾ, ਜਿਸ ਕਾਰਨ ਉਸ ਦੇ ਸੱਟਾਂ ਵੀ ਲੱਗੀਆਂ। ਅਮਰੀਕੀ ਵਫ਼ਦ ਨੇ ਇਸ ਘਟਨਾ 'ਤੇ ਸਖ਼ਤ ਨਾਰਾਜ਼ਗੀ ਜਤਾਈ।

## ਬੇਅਦਬੀ ਐਕਟ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬਾਨ ਦੇ ਬਾਹਰ ਲਗਾਏ ਗਏ ਫਲੈਕਸ ਬੋਰਡ

**ਅੰਮ੍ਰਿਤਸਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ-2026' ਵਿੱਚ ਦਰਸਾਈਆਂ ਜਾ ਰਹੀਆਂ ਖਾਮੀਆਂ ਅਤੇ ਪੰਥਕ ਇਤਰਾਜ਼ਾਂ ਬਾਰੇ ਸੰਗਤ ਨੂੰ ਜਾਣੂ ਕਰਵਾਉਣ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਬਾਹਰ ਜਾਣਕਾਰੀ ਭਰਪੂਰ ਫਲੈਕਸ ਬੋਰਡ ਲਗਾਏ ਗਏ ਹਨ। ਇਨ੍ਹਾਂ ਫਲੈਕਸ ਬੋਰਡਾਂ ਵਿੱਚ ਸਰਕਾਰ ਵੱਲੋਂ ਬਣਾਏ ਗਏ ਐਕਟ ਸਬੰਧੀ ਕਈ ਪੰਥਕ ਇਤਰਾਜ਼ ਦਰਜ ਕੀਤੇ ਗਏ ਹਨ। ਬੋਰਡਾਂ ਅਨੁਸਾਰ ਐਕਟ ਵਿੱਚ "ਕਸਟੋਡੀਅਨ" ਸ਼ਬਦ ਦੀ ਵਰਤੋਂ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਸੰਭਾਲ ਨਾਲ ਜੁੜੀਆਂ ਧਿਰਾਂ, ਗ੍ਰੰਥੀ ਸਿੰਘਾਂ, ਅਖੰਡਪਾਠੀ ਸਿੰਘਾਂ, ਗੁਰਦੁਆਰਾ ਕਮੇਟੀਆਂ ਅਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੇ ਸ਼ਰਧਾਲੂਆਂ ਨੂੰ ਬੇਅਦਬੀ ਜਾਂ ਮਰਿਆਦਾ ਦੀ ਉਲੰਘਣਾ ਦੇ ਮਾਮਲਿਆਂ ਵਿੱਚ ਜ਼ਿੰਮੇਵਾਰ ਬਣਾਉਣ ਦੀ ਗੱਲ ਕਹੀ ਗਈ ਹੈ। ਇਸ ਤੋਂ ਇਲਾਵਾ ਬੋਰਡਾਂ ਵਿੱਚ ਇਹ ਵੀ ਉਲੇਖ ਕੀਤਾ ਗਿਆ ਹੈ ਕਿ ਮਰਿਆਦਾ ਦੀ ਉਲੰਘਣਾ ਨੂੰ ਕਾਨੂੰਨੀ ਉਲੰਘਣਾ ਦੇ ਦਾਇਰੇ ਵਿੱਚ ਲਿਆ ਕੇ ਸੰਗਤਾਂ ਵਿੱਚ ਡਰ ਦਾ ਮਾਹੌਲ ਪੈਦਾ ਹੋ ਸਕਦਾ ਹੈ। ਨਾਲ ਹੀ ਪੁਲਸ ਨੂੰ ਗੁਰਦੁਆਰਾ ਸਾਹਿਬਾਨ ਦੇ ਅੰਦਰ ਸਿੱਧਾ ਦਖ਼ਲ ਦੇਣ ਦਾ ਰਾਹ ਖੁੱਲ੍ਹਣ, ਪੰਥਕ ਸ਼ਬਦਾਵਲੀ ਵਿੱਚ ਤਬਦੀਲੀਆਂ ਕਰਨ ਅਤੇ ਸੇਵਾ ਸੰਭਾਲ ਨਾਲ ਜੁੜੇ ਸ਼ਬਦਾਂ ਤੇ ਅਸਥਾਨਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਪਰਿਭਾਸ਼ਿਤ ਨਾ ਕਰਨ ਸਬੰਧੀ ਵੀ ਇਤਰਾਜ਼ ਦਰਜ ਕੀਤੇ ਗਏ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਇਹ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਬੇਹੱਦ ਸੰਜੀਦਾ ਮਾਮਲਾ ਹੈ। ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਐਕਟ ਬਾਰੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਵੱਲੋਂ ਗੰਭੀਰ ਇਤਰਾਜ਼ ਪ੍ਰਗਟ ਕੀਤੇ ਗਏ ਹਨ। ਇਨ੍ਹਾਂ ਗੰਭੀਰ ਇਤਰਾਜ਼ਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਣਾ ਬੇਹੱਦ ਜ਼ਰੂਰੀ ਹੈ। ਇਸੇ ਦੇ ਮੱਦੇਨਜ਼ਰ ਇਹ ਬੋਰਡ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਬਹੁਤ ਹੀ ਸੰਵੇਦਨਸ਼ੀਲ ਹਨ ਅਤੇ ਇਸ ਸਬੰਧੀ ਬਣਾਇਆ ਜਾਣ ਵਾਲਾ ਕੋਈ ਵੀ ਕਾਨੂੰਨ ਪੰਥਕ ਭਾਵਨਾਵਾਂ, ਗੁਰਮਤਿ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਅਨੁਸਾਰ ਹੋਣਾ ਲਾਜ਼ਮੀ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਸਬੰਧੀ ਜਾਗਰੂਕ ਰਹਿਣ ਅਤੇ ਪੰਥਕ ਏਕਤਾ ਤੇ ਸਿਧਾਂਤਾਂ ਦੀ ਰੱਖਿਆ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇਕਜੁੱਟ ਹੋਣ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 98158-14158, 84376-91626**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ | Naam Japo
ਕਿਰਤ ਕਰੋ | Kirat Karo
ਵੰਡ ਛਕੋ | Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---


# ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੁਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।



## ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026
## (ਦਿਨ ਐਤਵਾਰ)

ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ )



ਸ਼ਹੀਦ ਭਾਈ ਜਗਰੂਪ ਸਿੰਘ

-- ✶ ਮੁਖ ਪ੍ਰਬੰਧਕ ✶ --


ਬਾਬਾ ਨਛੱਤਰ ਸਿੰਘ ਕੱਲਰ ਭੈਣੀ
ਬਾਬਾ ਇੰਦਰ ਸਿੰਘ ਕਾਰ ਸੇਵਾ
ਬਾਬਾ ਬਖਸੀਸ ਸਿੰਘ ਨਿਜ਼ਾਮਨੀਵਾਲਾ
ਬਾਬਾ ਰਾਜਾ ਰਾਜ ਸਿੰਘ ਅਰਬਾ ਖਰਬਾਂ ਦਲ
ਭਾਈ ਰਿਸਬਦੀਪ ਸਿੰਘ ਹੇਰਾ

ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

## ਸਮੂਹ ਸਿੱਖ ਜਥੇਬੰਦੀਆਂ

# ਸ਼ਹੀਦੀ ਸਮਾਗਮ 17 ਮਈ ਨੂੰ



ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੁਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।




ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ

## 17 ਮਈ 2026 (ਦਿਨ ਐਤਵਾਰ)



ਸ਼ਹੀਦ ਭਾਈ ਜਗਰੂਪ ਸਿੰਘ

ਗੁਰਦਵਾਰਾ ਦੁੱਖ ਭੰਜਨ ਸਾਹਿਬ (ਪਿੰਡ ਕੱਲਰ ਭੈਣੀ)



--✶ ਜਾਰੀ ਕਰਤਾ ✶--

**ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ**

**ਮੁਖ ਸੇਵਾਦਾਰ ਜੱਥਾ ਠੀਕਰੀਵਾਲ**

+13173657120

# ਅੱਜ 'ਤੇ ਵਿਸ਼ੇਸ਼ — ਛੋਟਾ ਘੱਲੂਘਾਰਾ ਕਾਹਨੂੰਵਾਨ (ਗੁਰਦਾਸਪੁਰ) ਇੱਕ ਖ਼ੂਨੀ ਦੁਖਾਂਤ



**ਇਸਨੂੰ** ਛੋਟਾ ਘੱਲੂਘਾਰਾ ਜਾਂ ਪਹਿਲਾ ਘੱਲੂਘਾਰਾ ਕਿਹਾ ਜਾਂਦਾ ਹੈ।ਇਤਿਹਾਸ ਦੇ ਪੰਨੇ ਫਰੋਲਿਆਂ ਪਤਾ ਲੱਗਦਾ ਹੈ ਕਿ 1726 ਈ: ਨੂੰ ਅਬਦੁਸ-ਸੱਮਦ ਖਾਂ ਦੀ ਥਾਂ ਤੇ ਉਸਦੇ ਪੁੱਤਰ ਜਕਰੀਆਂ ਖਾਂ (ਖਾਨ ਬਹਾਦਰ) ਨੂੰ ਲਾਹੌਰ ਦਾ ਗਵਰਨਰ ਨਿਯੁਕਤ ਕੀਤਾ ਗਿਆ ਸੀ। ਅੱਗੇ ਜਕਰੀਆਂ ਖਾਂ ਦਾ ਪੁੱਤਰ ਯਹੀਆਂ ਖਾਂ ਸੀ। ਜੋ ਆਪਣੇ ਪਿਤਾ ਜਕਰੀਆਂ ਖਾਂ ਦੀ ਤਰ੍ਹਾਂ ਹੀ ਜਾਲਮ ਤੇ ਬਹੁਤ ਨਿਰਦਈ ਸੀ। ਯਹੀਆਂ ਖਾਂ ਨੇ ਲੱਖਪਤ ਰਾਏ ਤੇ ਉਸਦੇ ਭਰਾ ਜਸਪਤ ਰਾਏ ਨੂੰ ਜੋ ਏਮਨਾਬਾਦ ਦਾ ਫੌਜਦਾਰ ਨਿਯੁਕਤ ਕੀਤਾ ਸੀ। ਉਸਨੇ ਇੰਨ੍ਹਾਂ ਨੂੰ ਬਹੁਤ ਜ਼ਿਆਦਾ ਅਧਿਕਾਰ ਦੇ ਰੱਖੇ ਸਨ। ਸੰਨ 1746 ਈ: ਵਿੱਚ ਜਸਪਤ ਰਾਏ ਨੇ ਆਮ ਜਨਤਾ ਤੇ ਹੱਦੋਂ ਵੱਧ ਸਖਤੀ ਕਰਕੇ ਜ਼ਜ਼ੀਆ ਵਸੂਲਣਾ ਸ਼ੁਰੂ ਕਰ ਦਿੱਤਾ ਤਾਂ ਬਹੁਤ ਲੋਕ ਤੰਗ ਆ ਕੇ ਖਾਲਸਾ ਫੌਜ ਵਿੱਚ ਭਰਤੀ ਹੋ ਗਏ। ਸਿੱਖਾਂ ਦਾ ਇਹ ਜਥਾ ਘੁੰਮਦਾ ਘੁੰਮਾਉਂਦਾ ਏਮਨਾਬਾਦ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਦੁਆਰਾ ਰੋੜੀ ਸਾਹਬ ਪਹੁੰਚ ਗਿਆ ਫੌਜਦਾਰ ਜਸਪਤ ਰਾਏ ਨੂੰ ਇਤਲਾਹ ਮਿਲੀ ਕਿ ਸਿੱਖਾਂ ਦਾ ਇੱਕ ਜਥਾ ਗੁ: ਰੋੜੀ ਸਾਹਬ ਆ ਕੇ ਠਹਿਰਿਆ ਹੋਇਆ ਹੈ। ਜਸਪਤ ਰਾਏ ਫੌਜ ਲੈ ਕੇ ਉੱਥੇ ਪਹੁੰਚ ਗਿਆ ਤੇ ਸਿੱਖਾਂ ਨੂੰ ਕਹਿਣ ਲੱਗਾ ਕਿ 'ਤੁਸੀ ਇੱਥੋ ਚਲੇ ਜਾਉ' ਤਾਂ ਅੱਗੋਂ ਸਿੱਖਾਂ ਨੇ ਕਿਹਾ ਕਿ 'ਸਾਡੇ ਪਾਸ ਰਸਦ ਪਾਣੀ ਖਤਮ ਹੋ ਚੁੱਕਾ ਹੈ ਅਸੀ ਇੱਕ ਰਾਤ ਇੱਥੇ ਠਹਿਰ ਕੇ ਰਸਦ ਪਾਣੀ ਇੱਕਠਾ ਕਰਕੇ ਸੁਭਾ ਹੁੰਦਿਆਂ ਹੀ ਇੱਥੋਂ ਚਲੇ ਜਾਵਾਂਗੇ।' ਪਰ ਜਸਪਤ ਰਾਏ ਕਿੱਥੇ ਮੰਨਣ ਵਾਲਾ ਸੀ। ਉਹ ਤਾਂ ਮੌਕੇ ਦੀ ਭਾਲ ਵਿੱਚ ਸੀ ਉਸਨੇ ਸਿੱਖਾਂ ਉੱਪਰ ਹਮਲਾ ਕਰ ਦਿੱਤਾ। ਸਿੱਖਾਂ ਨੂੰ ਨਾ ਚਾਹੁੰਦੇ ਹੋਏ ਵੀ ਇਹ ਲੜਾਈ ਲੜਨੀ ਪਈ ਦੋਹਾਂ ਪਾਸਿਉਂ ਗਹਿਗੱਚ ਲੜਾਈ ਹੋਈ। ਇਸੇ ਲੜਾਈ ਦੌਰਾਨ ਹੀ ਨਿਰਭੈ ਸਿੰਘ ਨਾਂ ਦੇ ਇੱਕ ਸਿੱਖ ਨੇ ਬਿਜਲੀ ਦੀ ਤਰ੍ਹਾਂ ਫੁਰਤੀ ਦਿਖਾਉਂਦਿਆ ਫੌਜਦਾਰ ਜਸਪਤ ਰਾਏ ਦੇ ਹਾਥੀ ਦੀ ਪੂਛ ਫੜ ਕੇ ਹਾਥੀ ਉੱਪਰ ਚੜ੍ਹ ਕੇ ਬੈਠੇ ਜਸਪਤ ਰਾਏ ਦੀ ਗਰਦਨ ਉਡਾ ਦਿੱਤੀ। ਜਸਪਤ ਰਾਏ ਦੀ ਮੌਤ ਨਾਲ ਮੁਗਲ ਫੌਜ ਵਿੱਚ ਭਗਦੜ ਮੱਚ ਗਈ ਤੇ ਫੌਜ ਉੱਥੋਂ ਭੱਜ ਗਈ। ਸਿੱਖਾਂ ਮੌਕਾ ਸੰਭਾਲਦਿਆਂ ਜਿੰਨ੍ਹਾਂ ਹੋ ਸਕਦਾ ਸੀ ਏਮਨਾਬਾਦ ਸ਼ਹਿਰ ਵਿੱਚੋਂ ਰਸਦ ਪਾਣੀ ਇੱਕਠਾ ਕਰ ਲਿਆ। ਜਸਪਤ ਰਾਏ ਦੀ ਮੌਤ ਦੀ ਖਬਰ ਜਦ ਉਸਦੇ ਭਰਾ ਲਖਪਤ ਰਾਏ ਨੂੰ ਲੱਗੀ ਤਾਂ ਉਹ ਲਾਹੌਰ ਪਹੁੰਚ ਗਿਆ ਤੇ ਲਾਹੌਰ ਦਰਬਾਰ ਮਿੰਨਤਾਂ ਤਰਲੇ ਕਰਨ ਲੱਗਾ। ਆਪਣੇ ਸਿਰ ਤੋਂ ਪੱਗੜੀ ਉਤਾਰ ਕੇ ਕਸਮ ਖਾਧੀ ਕਿ ਜਿੰਨ੍ਹਾਂ ਚਿਰ ਸਿੱਖਾਂ ਦਾ ਖੁਰਾ ਖੋਜ ਨਹੀ ਮਿਟਾ ਲੈਂਦਾ,

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਆਪਣੇ ਸਿਰ ਤੇ ਪੱਗ ਨਹੀ ਬੰਨ੍ਹਾਂਗਾ। ਇਸ ਜਾਲਮਾਨਾ ਕਾਰਵਾਈ ਦੀ ਆਰੰਭਤਾ ਉਸਨੇ ਲਾਹੌਰ ਸ਼ਹਿਰ ਤੋਂ ਹੀ ਕਰ ਦਿੱਤੀ। ਜਿੱਥੇ ਵੀ ਸਿੱਖ ਦਿਖਾਈ ਦਿੱਤਾ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਲਖਪਤ ਰਾਏ ਨੇ ਐਲਾਨ ਕਰਵਾ ਦਿੱਤਾ ਕਿ ਕੋਈ ਵੀ ਸਿੱਖਾਂ ਨਾਲ ਵਾਹ ਵਾਸਤਾ ਨਾ ਰੱਖੇ। ਇਹਨਾਂ ਦੀ ਬਾਣੀ ਨਾ ਪੜ੍ਹੇ। ਉਸਨੇ 'ਗੁੜ' ਸ਼ਬਦ ਤੇ ਵੀ ਪਾਬੰਦੀ ਲਗਾ ਦਿੱਤੀ ਕਿਉਂ ਜੋ 'ਗੁੜ' ਸ਼ਬਦ ਦਾ ਉਚਾਰਨ ਕਰਨ ਲੱਗਿਆਂ 'ਗੁਰੂ' ਸ਼ਬਦ ਦਾ ਭੁਲੇਖਾ ਲੱਗਦਾ ਸੀ ਉਸਨੇ 'ਗੁੜ' ਸ਼ਬਦ ਦੀ ਥਾਂ 'ਰੋੜੀ' ਸ਼ਬਦ ਬੋਲਣ ਲਈ ਕਿਹਾ। ਗੁਰੂ ਗ੍ਰੰਥ ਸ਼ਬਦ ਦੀ ਥਾਂ 'ਪੋਥੀ' ਸ਼ਬਦ ਵਰਤਣ ਲਈ ਕਿਹਾ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਪਵਿੱਤਰ ਬੀੜਾਂ ਦੀ ਰੱਜ ਕੇ ਬੇਅਦਬੀ ਕੀਤੀ। ਲਖਪਤ ਰਾਏ ਦੀ ਇਸ ਦਰਿੰਦਗੀ ਦੀ ਖਬਰ ਜਦ ਕਪੂਰ ਸਿੰਘ ਨੂੰ ਲੱਗੀ ਤਾਂ ਉਸਨੇ ਸਿਰਕੱਢ ਸਿੱਖ ਆਗੂਆਂ ਤੇ ਵੱਖ-ਵੱਖ ਸਿੱਖ ਜਥੇਬੰਦੀਆਂ ਨੂੰ ਸੁਨੇਹੇ ਭੇਜ ਕੇ ਗੁਰਦਾਸਪੁਰ ਜਿਲ੍ਹੇ ਦੀ ਕਾਹਨੂੰਵਾਨ ਛੰਭ ਜੋ ਮੁਕੇਰੀਆਂ ਨੂੰ ਜਾਂਦੀ ਸੜਕ ਤੇ 8 ਕਿ: ਦੂਰ ਫੌਜੀ ਛਾਉਣੀ ਤਿੱਬੜ ਤੋਂ ਸੱਜੇ ਪਾਸੇ ਨੂੰ 4 ਕਿ: ਤੇ ਸਥਿੱਤ ਹੈ, ਵਿਖੇ ਇੱਕਠੇ ਹੋਣ ਦੇ ਸੰਦੇਸ਼ੇ ਭੇਜੇ। ਸ੍ਰ. ਜੱਸਾ ਸਿੰਘ ਆਹਲੂਵਾਲੀਆਂ ਵੀ ਇਸ ਲੜਾਈ ਵਿੱਚ ਅੱਗੇ ਹੋ ਕੇ ਲੜੇ। ਇਸ ਗੱਲ ਦੇ ਪ੍ਰਮਾਣ ਰਤਨ ਸਿੰਘ ਭੰਗੂ ਰਚਿਤ 'ਪੰਥ ਪ੍ਰਕਾਸ਼' ਵਿੱਚ ਮਿਲਦੇ ਹਨ ।ਇਸ ਛੰਭ ਵਿੱਚ ਕੋਈ 15000 ਸਿੱਖ ਇੱਕਠੇ ਹੋ ਗਏ ।ਕਈ ਇਤਹਾਸਕਾਰਾਂ ਨੇ ਇਹ ਗਿਣਤੀ 25000 ਹਜ਼ਾਰ ਵੀ ਲਿਖੀ ਹੈ। ਸੂਹ ਮਿਲਣ ਤੇ ਜਕਰੀਆਂ ਖਾਂ ਦਾ ਪੁੱਤਰ ਯਹੀਆਂ ਖਾਂ ਤੇ ਲਖਪਤ ਰਾਏ ਆਪਣੀ ਭਾਰੀ ਭਰਕਮ ਗੋਲੇ ਬਾਰੂਦ ਨਾਲ ਲੈਸ ਫੌਜ ਲੈ ਕੇ ਹਮਲਾ ਕਰਨ ਲਈ ਆਣ ਪਹੁੰਚੇ ।ਤੋਪਾਂ ਬੀੜ ਕੇ ਅੱਗ ਦੇ ਗੋਲੇ ਸਿੱਖਾਂ ਉੱਪਰ ਬਰਸਾਏ ਗਏ। ਸਿੰਘ ਰਾਤ ਸਮੇਂ ਹਨੇਰੇ ਦਾ ਫਾਇਦਾ ਉਠਾ ਕੇ ਲੱਖਪਤ ਰਾਏ ਦੀਆਂ ਫੌਜਾਂ ਦਾ ਰਾਸ਼ਣ ਪਾਣੀ ਲੁੱਟ ਕੇ ਫਿਰ ਛੰਭ ਵਿੱਚ ਵੜ ਜਾਂਦੇ ਤੇ ਅਗਲੇ ਦਿਨ ਦੇ ਹਮਲੇ ਲਈ ਤਿਆਰ ਹੋ ਜਾਂਦੇ ।ਭੁੱਖਣ ਭਾਣੇ ਸਿੰਘ ਕਈ ਮਹੀਨਿਆਂ ਤੱਕ ਇਸੇ ਤਰ੍ਹਾਂ ਲੜਦੇ ਰਹੇ। ਜਦੋਂ ਇਸ ਗੱਲ ਦਾ ਪਤਾ ਮੁਲਤਾਨ ਦੇ ਵਜ਼ੀਰ ਕੌੜਾ ਮੱਲ ਨੂੰ ਲੱਗਿਆ ਤਾਂ ਉਸਨੇ ਘੋੜਿਆਂ, ਖੱਚਰਾਂ ਤੇ ਰਾਸ਼ਣ ਲੱਦ ਕੇ ਜੰਮੂ ਕਸ਼ਮੀਰ ਭੇਜਣ ਦੇ ਬਹਾਨੇ ਨਾਲ ਉਸੇ ਰਸਤੇ ਭੇਜ ਦਿੱਤਾ ਤੇ ਉਧਰ ਆਪਣੇ ਗੁਪਤਚਰ ਰਾਹੀਂ ਸਿੰਘਾਂ ਨੂੰ ਸੁਨੇਹਾ ਭੇਜ ਦਿੱਤਾ ਕਿ ਜਦੋਂ ਇਹ ਰਾਸ਼ਣ ਇਸ ਰਸਤਿਉਂ ਲੰਘੇ ਤਾਂ ਲੁੱਟ ਲਿਆ ਜਾਵੇ। ਸਿੰਘਾਂ ਨੇ ਇਸੇ ਤਰਾਂ ਕੀਤਾ। ਕੌੜਾ ਮੱਲ ਦੀ ਇਸ ਹਮਦਰਦੀ ਕਰਕੇ ਇਤਿਹਾਸ ਕੌੜਾ ਮੱਲ ਨੂੰ ਮਿੱਠਾ ਮੱਲ ਕਹਿ ਕੇ ਯਾਦ ਕਰਦਾ ਹੈ ।ਇਹ ਲੜਾਈ ਕਾਫੀ ਲੰਬੀ ਲਗਭਗ ਤਿੰਨ ਮਹੀਨੇ ਤੋਂ ਵੀ ਜ਼ਿਆਦਾ ਸਮੇਂ ਤੱਕ ਚੱਲੀ ।ਏਨੀ ਲੰਬੀ ਲੜਾਈ ਚੱਲਣ ਕਰਕੇ ਸਿੰਘਾਂ ਦਾ ਕੌੜਾ ਮੱਲ ਵੱਲੋਂ ਭੇਜਿਆ ਹੋਇਆ ਰਾਸ਼ਣ ਪਾਣੀ ਵੀ ਖਤਮ ਹੋ ਗਿਆ। ਗੋਲੀ ਸਿੱਕਾ ਖਤਮ ਹੋ ਗਿਆ, ਲੜ੍ਹਦੇ-ਲੜ੍ਹਦੇ ਹਥਿਆਰ ਵੀ ਖੁੰਡੇ ਹੋ ਗਏ। ਲਖਪਤ ਰਾਏ ਦਾ ਮਾਮਾ ਤੇ ਪੁੱਤਰ ਸਿੰਘਾਂ ਹੱਥੋਂ ਮਾਰੇ ਗਏ। ਲਖਪਤ ਰਾਏ ਨੇ ਗੁੱਸੇ ਵਿੱਚ ਅੰਨੇ ਹੋਏ ਨੇ ਛੰਭ ਨੂੰ ਅੱਗ ਲਗਵਾ ਦਿੱਤੀ ਤੇ ਮਜ਼ਬੂਰ ਹੋ ਕੇ ਭੁੱਖਣ ਭਾਣੇ ਸਿੰਘਾਂ ਨੂੰ ਛੰਭ ਵਿੱਚੋਂ ਨਿਕਲਣਾ ਪਿਆ। ਸਿੱਖ ਛੰਭ ਵਿੱਚੋਂ ਨਿਕਲ ਕੇ ਮੁਗਲ ਫੌਜ਼ਾਂ ਨਾਲ ਲੜਦੇ-ਲੜਦੇ ਬਿਆਸ ਦਰਿਆ ਵੱਲ ਨੂੰ ਹੋ ਤੁਰੇ, ਪਰ ਅੱਗੇ ਬਿਆਸ ਦਰਿਆ ਵੀ ਚੜ੍ਹਿਆਂ ਹੋਇਆ, ਠਾਠਾਂ ਮਾਰ ਰਿਹਾ ਸੀ। ਘੋੜੇ ਵੀ ਬੜਾ ਕਮਜ਼ੋਰ ਹੋ ਚੁੱਕੇ ਸਨ। ਅੱਗੇ ਟੋਇਆ ਤੇ ਪਿੱਛੇ ਖਾਈ ਵਾਲੀ ਗੱਲ ਹੋ ਗਈ ।ਲੜਾਈ ਸ਼ੁਰੂ ਹੋ ਗਈ, ਕਈ ਸਿੱਖ ਮੁਗਲਾਂ ਨਾਲ ਲੜਦੇ ਸ਼ਹੀਦ ਹੋ ਗਏ ।ਇਹਨਾਂ ਵਿੱਚੋਂ ਇੱਕ ਜਥੇ ਦੇ ਮੋਢੀ ਸੁੱਖਾ ਸਿੰਘ ਵਰਗਿਆਂ ਨੇ ਮੁਗਲ ਫੌਜ ਦੇ ਚੰਗੇ ਆਹੂ ਲਾਹੇ ਤੇ ਆਪ ਵੀ ਜ਼ਖਮੀ ਹੋ ਗਿਆ। ਕਾਫੀ ਜਦੋ- ਜਹਿਦ ਕਰਦਿਆਂ ਸਿੱਖ ਦਰਿਆ ਵਿੱਚ ਠਿੱਲ ਪਏ। ਕਈ ਰੁੜ ਗਏ, ਕਈ ਬੱਚ ਕੇ ਪਹਾੜਾਂ ਵੱਲ ਚਲੇ ਗਏ ਤੇ ਕਈ ਕੀਰਤਪੁਰ ਸਾਹਬ ਵੱਲ ਚਲੇ ਗਏ। ਕਈ ਮੁਗਲਾਂ ਨੇ ਕੈਦ ਕਰ ਲਏ। ਇਸ ਲੜਾਈ ਵਿੱਚ ਲਗਭਗ 7000 ਹਜ਼ਾਰ ( ਕਈ ਇਤਹਾਸਕਾਰਾਂ ਮੁਤਾਬਿਕ ਗਿਣਤੀ 11000 ਹਜ਼ਾਰ) ਦੇ ਕਰੀਬ ਸ਼ਹੀਦੀਆਂ ਹੋਈਆਂ ਤੇ 3000 ਹਜ਼ਾਰ ( ਕਈਆਂ ਨੇ ਇੱਥੇ ਗਿਣਤੀ 2000 ਲਿਖੀ ਹੈ) ਦੇ ਕਰੀਬ ਸਿੱਖਾਂ ਨੂੰ ਕੈਦ ਕਰਕੇ ਲਖਪਤ ਰਾਏ ਲਾਹੌਰ ਲੈ ਗਿਆ। ਲਾਹੌਰ ਦੇ ਨਾਖਾਸ ਚੌਂਕ ਵਿੱਚ ਬੜੇ ਹੀ ਜਾਲਮਾਨਾ ਤਰੀਕੇ ਨਾਲ ਤਸੀਹੇ ਦੇ ਕੇ ਸਿਰਾਂ ਦੇ ਢੇਰ ਲਗਾ ਦਿੱਤੇ। ਸਰੀਰਾਂ ਨੂੰ ਮਸੀਤਾਂ ਦੀਆਂ ਦੀਵਾਰਾਂ ਵਿੱਚ ਦੱਬ ਦਿੱਤਾ ਗਿਆ। ਖ਼ੂਨ ਨਾਲ ਮਸੀਤਾਂ ਦੇ ਫਰਸ਼ ਧੋਤੇ ਗਏ ।ਇਸ ਮੰਦਭਾਗੀ ਘਟਨਾ ਨੂੰ ਛੋਟਾ ਘੱਲੂਘਾਰਾ ਜਾਂ ਪਹਿਲਾ ਘੱਲੂਘਾਰਾ ਦੇ ਨਾਂ ਨਾਲ ਯਾਦ ਕੀਤਾ ਜਾਂਦਾ ਹੈ ।ਪ੍ਰਣਾਮ ਸ਼ਹੀਦਾਂ ਨੂੰ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

# ਹਜ਼ਾਰਾਂ ਸ਼ਹਾਦਤਾਂ ਦੀ ਦਾਸਤਾਨ- ਘੱਲੂਘਾਰਾ ਕਾਹਨੂੰਵਾਨ

**ਭਾਰਤ** ਬਾਰੇ ਜਦ ਵੀ ਕਿਤੇ ਪੜ੍ਹਿਆ ਜਾਂ ਪੜ੍ਹਾਇਆ ਗਿਆ ਤਾਂ ਉੱਥੇ ਇਹ ਵੇਰਵਾ ਜ਼ਰੂਰ ਮਿਲ਼ਿਆ ਕਿ ਭਾਰਤ 'ਮੇਲਿਆਂ ਤੇ ਤਿਉਹਾਰਾਂ ਦਾ ਦੇਸ' ਹੈ ਪਰ ਜਦ ਕਿਤੇ ਵੀ ਪੰਜਾਬ ਦੀ ਗੱਲ ਤੁਰੀ ਹੈ ਜਾਂ ਅੱਗੇ ਤੁਰੇਗੀ ਤਾਂ ਇਹ ਕਹਿਣਾ ਕਿ "ਪੰਜਾਬ ਸ਼ਹਾਦਤਾਂ ਦੀ ਧਰਤੀ" ਹੈ ਤਾਂ ਇਹ ਦੇ 'ਚ ਕੋਈ ਅਤਿਕਥਨੀ ਨਹੀਂ ਹੋਵੇਗੀ। ਪੰਜਾਬ ਦਾ ਅਸਲ ਇਤਿਹਾਸ ਫਰੋਲਿਆਂ ਹਰ ਪੰਨਾ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਸਜਦਾ ਕਰਦਾ ਨਜ਼ਰੀਂ ਪੈਂਦਾ ਹੈ। ਸਿੱਖ ਇਤਿਹਾਸ ਕੌਮੀ ਮਰਜੀਵੜਿਆਂ ਦਾ ਇਤਿਹਾਸ ਹੈ। ਸਿੱਖ ਕੌਮ ਨੂੰ ਤਬਾਹ ਕਰਨ ਵਾਲੀਆਂ ਘਟਨਾਵਾਂ ਨੂੰ ਸਾਡੀ ਕੌਮ ਨੇ ਇੱਕ ਦਰਦ ਦੇ ਰੂਪ 'ਚ ਹਮੇਸ਼ਾ 'ਘੱਲੂਘਾਰੇ' ਵਜੋਂ ਯਾਦ ਕੀਤਾ ਤਾਂ ਜੋ ਆਉਣ ਵਾਲ਼ੀ ਪੀੜ੍ਹੀ ਨੂੰ ਅਣਖਾਂ ਦੀ ਗੁੜ੍ਹਤੀ ਮਿਲ਼ਦੀ ਰਹੇ।

'ਘੱਲੂਘਾਰਾ' ਸ਼ਬਦ ਦਾ ਸੰਬੰਧ ਅਫ਼ਗਾਨੀ ਬੋਲੀ ਨਾਲ ਹੈ;ਜਿਸ ਦੇ ਅੱਖਰੀ ਅਰਥ ਹਨ ਸਭ ਕੁਝ ਤਬਾਹ ਹੋ ਜਾਣਾ, ਵੱਡੇ ਪੱਧਰ 'ਤੇ ਕਤਲੇਆਮ ਹੋਣਾ, ਨਸਲਘਾਤ ਜਾਂ ਸਰਬਨਾਸ਼। ਸਿੱਖਾਂ ਦਾ ਸੁਭਾਅ ਮੁੱਢ ਤੋਂ ਹੀ ਜ਼ੁਲਮ ਦੇ ਵਿਰੁੱਧ ਲੜਨ ਵਾਲ਼ਾ ਰਿਹਾ, ਕਿਸੇ ਦੀ ਗੁਲਾਮੀ ਜਾਂ ਈਨ ਨਾ ਮੰਨਣਾ ਤਾਂ ਇਹਨਾਂ ਨੇ ਕਦੇ ਕਬੂਲਿਆ ਹੀ ਨਹੀਂ। ਇਸ ਲਈ ਸਮੇਂ- ਸਮੇਂ ਮੌਕੇ ਦੀਆਂ ਸਰਕਾਰਾਂ ਵੱਲੋਂ ਹਮੇਸ਼ਾਂ ਹੀ ਘੱਟ-ਗਿਣਤੀ ਕੌਮ ਨੂੰ ਖ਼ਤਮ ਕਰਨ ਦੇ ਮਨਸੂਬੇ ਬਣਾ ਕੇ ਕੋਝੇ ਯਤਨ ਕੀਤੇ ਜਾਂਦੇ ਰਹੇ ਹਨ।

ਛੋਟਾ ਘੱਲੂਘਾਰਾ 17 ਮਈ 1746 (1 ਜੇਠ 1803 ਸੰਮਤ) ਨੂੰ ਸਿੱਖਾਂ ਅਤੇ ਮੁਸਲਮਾਨਾਂ ਵਿਚਕਾਰ ਜ਼ਿਲ੍ਹਾ ਗੁਰਦਾਸਪੁਰ ਦੇ ਕਾਹਨੂੰਵਾਨ ਛੰਭ 'ਚ ਵਾਪਰਿਆ।ਜੋ ਕਿ ਗੁਰਦਾਸਪੁਰ ਤੋਂ ਮੁਕੇਰੀਆਂ ਨੂੰ ਜਾਂਦੀ ਸੜਕ ਉੱਤੇ 8 ਕਿਲੋਮੀਟਰ ਦੂਰ ਫੌਜੀ ਛਾਉਣੀ ਤਿੱਬੜ ਤੋਂ ਸੱਜੇ ਪਾਸੇ ਨੂੰ 4 ਕਿਲੋਮੀਟਰ ਦੂਰ ਸਥਿਤ ਹੈ।

ਇਸ ਖ਼ੂਨੀ ਦੁਖਾਂਤ ਦਾ ਮੁੱਢ ਦੀਵਾਨ ਲਖਪਤ ਰਾਏ ਨੇ ਬੰਨ੍ਹਿਆ ਸੀ।

18ਵੀਂ ਸਦੀ ਦੇ ਅੱਧ ਵਿਚ ਜਦੋਂ ਦੀਵਾਨ ਲਖਪਤ ਰਾਏ ਦੇ ਭਰਾ ਤੇ ਐਮਨਾਬਾਦ ਦੇ ਫੌਜਦਾਰ ਜਸਪਤ ਰਾਏ ਦੀ ਪਿੰਡ ਖੋਖਰਾਂ ਵਿਖੇ ਸਿੰਘਾਂ ਨਾਲ਼ ਲੜਾਈ ਦੌਰਾਨ ਮੌਤ ਹੋ ਗਈ ਤਾਂ ਦੀਵਾਨ ਲਖਪਤ ਰਾਏ ਨੇ ਭਰਾ ਦੀ ਮੌਤ ਦਾ ਬਦਲਾ ਲੈਣ ਦਾ

ਆਵਾਜ਼ਿ ਕੌਮ AWAZE QAUM International Newspaper & WEB TV

ਫ਼ੈਸਲਾ ਕੀਤਾ।ਉਸ ਨੇ ਲਾਹੌਰ ਦੇ ਸੂਬੇ ਯਹੀਆ ਖਾਨ ਦੀ ਸਹਿਮਤੀ ਨਾਲ਼ ਲਾਹੌਰ ਦੀਆਂ ਫੌਜਾਂ ਨੂੰ ਲਾਮਬੰਦ ਕੀਤਾ ਤੇ ਮੁਲਤਾਨ, ਬਹਾਵਲਪੁਰ ਅਤੇ ਜਲੰਧਰ ਤੋਂ ਫੌਜੀ ਮਦਦ ਮੰਗ ਲਈ।

ਇਸ ਤੋਂ ਇਲਾਵਾ ਪਹਾੜੀ ਰਾਜਿਆਂ ਨੂੰ ਵੀ ਸੁਚੇਤ ਕੀਤਾ ਕਿ ਸਿੱਖ ਪਹਾੜਾਂ ਵੱਲ ਨਾ ਨਿਕਲਣ। ਇਸ ਤੋਂ ਬਾਅਦ ਉਸ ਨੇ ਤਕੜੀ ਸੈਨਾ ਲੈ ਕੇ ਕਾਹਨੂੰਵਾਨ ਵਿੱਚ ਸਿੱਖਾਂ ਨੂੰ ਲੱਭਣਾ ਸ਼ੁਰੂ ਕਰ ਦਿੱਤਾ,ਪਹਿਲਾਂ ਤਾਂ ਸਿੱਖ ਫੌਜ ਦਾ ਮੁਕਾਬਲਾ ਕਰਦੇ ਰਹੇ ਪਰ ਗਿਣਤੀ ਘੱਟ ਹੋਣ ਕਾਰਨ ਉਹਨਾਂ ਨੇ ਬਸੋਲੀ ਵੱਲ ਜਾਣਾ ਸ਼ੁਰੂ ਕੀਤਾ। ਇਸ ਦੌਰਾਨ ਪਹਾੜੀ ਰਾਜਿਆਂ ਦੀਆਂ ਫੌਜਾਂ ਨੇ ਵੀ ਸਿੱਖਾਂ 'ਤੇ ਹਮਲਾ ਕਰ ਦਿੱਤਾ। ਜਿਸ ਕਾਰਨ ਕਈ ਸਿੱਖ ਸ਼ਹੀਦ ਹੋ ਗਏ। ਇਸ ਤੋਂ ਬਾਅਦ ਸਿੱਖਾਂ ਨੇ ਲਖਪਤ ਰਾਏ ਦੇ ਘੇਰੇ ਨੂੰ ਤੋੜ ਕੇ ਸਤਲੁਜ ਅਤੇ ਬਿਆਸ ਪਾਸ ਕਰ ਲਿਆ। ਆਪਣੀ ਹਾਰ ਨੂੰ ਵੇਖ ਕੇ ਲਖਪਤ ਰਾਏ ਘਟੀਆ ਤੌਰ-ਤਰੀਕਿਆਂ ਉੱਤੇ ਉਤਰ ਆਇਆ। ਉਸ ਨੇ ਸੋਚਿਆ ਕਿ ਉਹ ਦਿੱਲੀ ਦਰਬਾਰ ਜਾ ਕੇ ਕੀ ਮੂੰਹ ਵਿਖਾਏਗਾ ? ਉਸ ਨੇ ਨੇੜਲੇ ਪਿੰਡਾਂ ਦੇ ਲੁਹਾਰ, ਤਰਖਾਣ ਇਕੱਠੇ ਕਰ ਕੇ ਇਸ ਛੰਭਨੁਮਾ ਜੰਗਲ ਦੇ ਰੁੱਖਾਂ ਨੂੰ ਕਟਵਾ ਕੇ ਚੁਫੇਰਿਉਂ ਅੱਗ ਲਗਵਾ ਦਿੱਤੀ, ਜਿਸ ਨਾਲ਼ ਸਿੰਘਾਂ ਨੂੰ ਚਾਰ-ਚੁਫੇਰਿਉਂ ਮੁਸੀਬਤਾਂ ਪੈ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਛੰਭ ਦਾ ਘੇਰਾ ਲਗਭਗ 3 ਮਹੀਨੇ ਚੱਲਿਆ। ਇੰਨ੍ਹੇ ਲੰਬੇ ਸਮੇਂ ਦੌਰਾਨ ਸਿੱਖ ਗੁਰੀਲਾ ਯੁੱਧ ਪ੍ਰਣਾਲੀ ਰਾਹੀਂ ਡਟੇ ਰਹੇ। ਲੰਬੇ ਸਮੇਂ ਕਰਕੇ ਹੌਲ਼ੀ-ਹੌਲ਼ੀ ਸਿੱਖਾਂ ਦਾ ਰਾਸ਼ਨ ਪਾਣੀ ਖ਼ਤਮ ਹੋਣ ਲੱਗਾ ਪਰ ਸਿੱਖ ਆਪਣੇ ਇਤਿਹਾਸ ਨੂੰ ਚੇਤਿਆਂ 'ਚ ਵਸਾ ਕੇ ਫਿਰ ਵੀ ਲੜਾਈ ਲੜਦੇ ਰਹੇ। ਸਿੱਖਾਂ ਦੇ ਰਾਸ਼ਨ ਦੀ ਕਮੀ ਪੈਣ ਦੀ ਖ਼ਬਰ ਜਦੋਂ ਮੁਲਤਾਨ ਦੇ ਵਜ਼ੀਰ ਕੌੜਾ ਮੱਲ ਨੂੰ ਲੱਗੀ ਤਾਂ ਉਸ ਨੇ ਹਜ਼ਾਰਾਂ ਖੱਚਰਾਂ, ਘੋੜਿਆਂ ਉੱਤੇ ਰਾਸ਼ਨ ਲੱਦ ਕੇ ਜੰਮੂ ਨੂੰ ਭੇਜਣ ਲਈ ਇੱਕ ਵਪਾਰੀ ਨੂੰ ਤੋਰ ਦਿੱਤਾ ਤੇ ਦੂਸਰੇ ਪਾਸੇ ਖ਼ੁਫ਼ੀਆ ਤੌਰ ਉੱਤੇ ਸਿੰਘਾਂ ਨੂੰ ਸੁਨੇਹਾ ਭੇਜ ਦਿੱਤਾ ਕਿ ਜਦੋਂ ਇਹ ਰਾਸ਼ਨ ਵਾਲੇ ਘੋੜੇ, ਖੱਚਰਾਂ ਤੁਹਾਡੇ ਨੇੜਿਉਂ ਗੁਜ਼ਰਨ ਤਾਂ ਲੁੱਟ ਲਏ ਜਾਣ। ਇਹ ਸਿੱਖਾਂ ਲਈ ਇੱਕ ਖ਼ੁਸ਼ੀ ਵਾਲ਼ੀ ਖ਼ਬਰ ਸੀ ਤੇ ਉਨ੍ਹਾਂ ਨੇ ਇੰਝ ਹੀ ਕੀਤਾ। ਜਦੋਂ ਵਪਾਰੀ ਕਾਹਨੂੰਵਾਨ ਦੇ ਛੰਭ ਨੇੜਿਓਂ ਗੁਜ਼ਰ ਰਿਹਾ ਸੀ ਤਾਂ ਸਿੰਘਾਂ ਨੇ ਇਹ ਸਾਰਾ ਰਾਸ਼ਨ ਆਪਣੇ ਹੱਥਾਂ 'ਚ ਕਰ ਲਿਆ, ਜਿਸ ਨਾਲ਼ ਸਿੱਖ ਜਰਨੈਲਾਂ ਨੂੰ ਭਾਰੀ ਰਾਹਤ ਮਿਲ਼ੀ ਤੇ ਸਿੱਖਾਂ ਦੇ ਹੌਸਲੇ ਹੋਰ ਬੁਲੰਦ ਹੋਏ।

ਇੱਕ ਜੇਠ-ਹਾੜ੍ਹ ਦੀ ਅੱਤ ਦੀ ਗਰਮੀ, ਦੂਜਾ ਜੰਗਲ ਦੀ ਅੱਗ, ਤੀਜਾ ਉੱਚੇ ਪਹਾੜ ਤੇ ਵਿਰੋਧੀ ਪਹਾੜੀ ਰਾਜੇ ਤੇ ਚੌਥਾ ਚੜ੍ਹਦੇ ਪਾਸੇ ਸ਼ੂਕਦਾ ਬਿਆਸ ਦਰਿਆ। ਸਿੱਖ ਜਰਨੈਲਾਂ ਨੇ ਸਿੱਖੀ ਦੀ ਸ਼ਾਨ ਬਚਾਉਣ ਲਈ ਮਤਾ ਪਾਸ ਕਰ ਕੇ ਮੈਦਾਨੇ-ਜੰਗ 'ਚ ਦੁਸ਼ਮਣ ਨਾਲ਼ ਜੂਝ ਕੇ ਲੜਨ ਤੇ ਸ਼ਹੀਦੀਆਂ ਪ੍ਰਾਪਤ ਕਰਨ ਦਾ ਅਟੱਲ ਫ਼ੈਸਲਾ ਕੀਤਾ ਤੇ ਸਿੰਘ ਚੜ੍ਹਦੀ ਕਲਾ ਦੇ ਜੈਕਾਰੇ ਲਗਾਉਂਦਿਆਂ ਦੁਸ਼ਮਣ ਖਿਲਾਫ਼ ਜੰਗ ਦੇ ਮੈਦਾਨ ਵਿੱਚ ਜੂਝ ਪਏ। ਵੱਖ-ਵੱਖ ਸਰੋਤਾਂ ਤੋਂ ਮਿਲ਼ੀ ਜਾਣਕਾਰੀ ਮੁਤਾਬਕ ਇਸ ਘੱਲੂਘਾਰੇ ਦੌਰਾਨ 11,000 ਤੋਂ ਵੱਧ ਸਿੰਘ-ਸਿੰਘਣੀਆਂ ਨੇ ਸ਼ਹੀਦੀ ਪ੍ਰਾਪਤ ਕੀਤੀ ਤੇ 2000 ਦੇ ਕਰੀਬ ਸਿੰਘ ਜੰਗਲ ਵਿੱਚ ਲੱਗੀ ਅੱਗ ਤੇ ਬਿਆਸ ਦਰਿਆ ਨੂੰ ਪਾਰ ਕਰਦਿਆਂ ਸ਼ਹੀਦੀਆਂ ਪ੍ਰਾਪਤ ਕਰ ਗਏ। ਸੈਂਕੜੇ ਸਿੰਘਾਂ ਨੂੰ ਲਖਪਤ ਰਾਏ ਬੰਦੀ ਬਣਾ ਕੇ ਲਾਹੌਰ ਲੈ ਗਿਆ। ਗ੍ਰਿਫ਼ਤਾਰ ਸਿੱਖਾਂ ਨੂੰ ਲਾਹੌਰ ਲਿਜਾ ਕੇ ਸ਼ਾਹੀ ਕਿਲੇ ਦੇ ਪਿੱਛੇ ਚੌਂਕ ਵਿਚ ਸ਼ਹੀਦ ਕਰ ਦਿੱਤਾ ਗਿਆ। ਜਿਸ ਸਥਾਨ 'ਤੇ ਸਿੱਖਾਂ ਨੂੰ ਸ਼ਹੀਦ ਕੀਤਾ ਗਿਆ, ਉੱਥੇ ਗੁਰਦੁਆਰਾ ਸ਼ਹੀਦ ਗੰਜ ਭਾਈ ਮਨੀ ਸਿੰਘ ਜੀ ਬਣਿਆ ਹੋਇਆ ਸੀ। ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਗੁਰਦਾਸਪੁਰ ਵਿੱਚ ਛੰਭ ਕਾਹਨੂੰਵਾਨ ਵਿੱਚ ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਸੁਸ਼ੋਭਿਤ ਹੈ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰੇ ਨੇੜੇ ਚੱਕ ਅਬਦੁਲ ਬਾਰੀ ਕਾਹਨੂੰਵਾਨ ਵਿੱਚ ਛੋਟਾ ਘੱਲੂਘਾਰਾ ਮੈਮੋਰੀਅਲ ਬਣਾਇਆ ਗਿਆ ਹੈ।

**-ਸ.ਸੁਖਚੈਨ ਸਿੰਘ ਕੁਰੜ**
**(ਪੰਜਾਬੀ ਅਧਿਆਪਕ)**

ਘੱਲੂਘਾਰਾ ਦਿਵਸ 'ਤੇ ਵਿਸ਼ੇਸ਼

# ਛੋਟੇ ਘੱਲੂਘਾਰਾ ਦੇ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਸਾਡੇ ਕੌਮੀ ਇਤਿਹਾਸ ਵਿੱਚ ਛੋਟੇ ਘੱਲੂਘਾਰੇ ਦੇ ਨਾਂਅ ਨਾਲ ਜਾਣਿਆਂ ਜਾਂਦਾ ਖ਼ੂਨੀ ਸਾਕਾ 1746 ਈ: ਦੇ ਮਈ-ਜੂਨ ਦੇ ਮਹੀਨਿਆਂ ਵਿੱਚ ਵਾਪਰਿਆ ।ਇਤਿਹਾਸਕ ਤੱਥਾਂ ਮੁਤਾਬਕ 1745 ਈ: ਦੇ ਜੁਲਾਈ ਮਹੀਨੇ ਵਿੱਚ ਜ਼ਕਰੀਆ ਖਾਨ ਦੀ ਮੌਤ ਤੋਂ ਪਿੱਛੋਂ ਉਸ ਦਾ ਲੜਕਾ ਯਹੀਆ ਖਾਨ ਲਾਹੌਰ ਦਾ ਸੂਬੇਦਾਰ ਬਣਿਆ ।ਉਹ ਆਪਣੇ ਪਿਉ ਨਾਲੋਂ ਵੀ ਵੱਧ ਕੇ ਜ਼ੁਲਮੀ ਸ਼ਾਸਕ ਸੀ । ਉਹ ਆਪਣੇ ਪਿਉ ਵਾਂਗ ਹੀ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਲਈ ਹਰ ਸਮੇਂ ਗੋਂਦਾ ਗੁੰਦਦਾ ਰਹਿੰਦਾ ਸੀ ।ਉਸ ਨੇ ਲਖਪਤ ਰਾਏ ਨੂੰ ਆਪਣਾ ਦੀਵਾਨ ਨਿਯੁਕਤ ਕੀਤਾ ।ਐਮਨਾਬਾਦ (ਸ਼ੈਦਪੁਰ) ਹੁਣ ਲਹਿੰਦਾ ਪੰਜਾਬ (ਪਾਕਿਸਤਾਨ) ਦੇ ਨੇੜੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ-ਛੋਹ ਪ੍ਰਾਪਤ ਗੁਰਦੁਆਰਾ ਰੋੜੀ ਸਾਹਿਬ ਦੇ ਦਰਸ਼ਨ ਲਈ ਇਕ ਸਿੱਖ ਜਥੇ ਦੀ ਆਮਦ ਦਾ ਲਖਪਤ ਰਾਏ ਨੂੰ ਪਤਾ ਲੱਗਾ ।ਉਸ ਨੇ ਇਸ ਜਥੇ ਨੂੰ ਰੋਕਣ ਲਈ ਆਪਣੇ ਭਰਾ ਜਸਪਤ ਰਾਏ ਦੀ ਅਗਵਾਈ ਵਿੱਚ ਇਕ ਫੌਜੀ ਟੁਕੜੀ ਲਾਹੌਰ ਤੋਂ ਭੇਜੀ । ਇਸ ਸਿੱਖ ਜਥੇ ਨੂੰ ਐਮਨਾਬਾਦ ਤੋਂ 25 ਕੁ ਕਿਲੋਮੀਟਰ ਦੂਰ ਪਿੰਡ ਬਦੋਲੀ ਗੁਜਾਈਆਂ ਨੇੜੇ ਰੋਕਣ ਦਾ ਯਤਨ ਕੀਤਾ ਗਿਆ ।ਇਹ ਘਟਨਾ 1746 ਈ: ਦੇ ਆਰੰਭਿਕ ਦਿਨਾਂ ਦੀ ਹੈ ।ਸਿੱਖ ਜਥਾ ਲੜਨਾ ਨਹੀਂ ਸੀ ਚਾਹੁੰਦਾ, ਉਹ ਕੇਵਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਅਸਥਾਨ ਦੇ ਸ਼ਰਧਾ ਸਾਹਿਤ ਦਰਸ਼ਨ ਹੀ ਕਰਨਾ ਚਾਹੁੰਦਾ ਸੀ ।ਪਰ ਜਸਪਤ ਰਾਏ ਨੇ ਜਥੇ ਦੇ ਜ਼ਿੰਮੇਦਾਰ ਸਿੰਘਾਂ ਦੀ ਇਕ ਵੀ ਨਾ ਸੁਣੀ ।ਸ਼ਰਧਾਲੂ ਜਥੇ ਉੱਪਰ ਹਮਲਾ ਕਰ ਦਿੱਤਾ ਗਿਆ ।ਇਸ ਝੜਪ ਵਿੱਚ ਭਾਈ ਨਿਭਾਹੂ ਸਿੰਘ ਦੇ ਨਾਂਅ ਦੇ ਇਕ ਸਿੱਖ ਯੋਧੇ ਨੇ ਹਾਜੀ ਦੀ ਪੂਛ ਫੜਦੇ ਹੋਏ ਵਿੱਚ ਬੈਠੇ ਦੀਵਾਨ ਜਸਪਤ ਰਾਏ ਦਾ ਸਿਰ ਕਲਮ ਕਰ ਦਿੱਤਾ ।ਇਸ ਘਟਨਾ ਤੋਂ ਪਿੱਛੋਂ ਇਸ ਘੱਲੂਘਾਰੇ ਦਾ ਮੁੱਢ ਬੱਝਦਾ ਹੈ ।

ਲਖਪਤ ਰਾਏ ਨੂੰ ਜਦੋਂ ਭਰਾ ਦੀ ਮੌਤ ਦੀ ਖ਼ਬਰ ਮਿਲੀ ਤਾਂ ਉਸ ਨੇ ਕ੍ਰੋਧ ਵਿੱਚ ਆ ਕੇ ਫੌਜਦਾਰ ਯਹੀਆ ਖਾਨ ਦੀ ਹਾਜ਼ਰੀ ਵਿੱਚ ਪੱਗ ਲਾਹ ਕੇ ਸਹੁੰ ਖਾਧੀ ਕਿ ਹੁਣ ਮੇਰੀ ਹਕੂਮਤ ਸਿੱਖੀ ਦਾ ਨਾਮੋ-ਨਿਸ਼ਾਨ ਮਿਟਾ ਦੇਵੇਗੀ ।ਉਸ ਨੇ ਲਾਹੌਰ ਦੇ ਸੂਬੇਦਾਰ ਯਹੀਆ ਖਾਨ ਦੀ ਸਹਿਮਤੀ ਨਾਲ ਲਾਹੌਰ ਦੀ ਫੌਜ ਤੋਂ ਇਲਾਵਾ ਮੁਲਤਾਨ, ਬਹਾਵਲਪੁਰ ਅਤੇ ਜਲੰਧਰ ਦੇ ਫੌਜਦਾਰਾਂ ਤੋਂ ਸਹਾਇਤਾ ਮੰਗੀ ।ਨਾਲ ਹੀ ਪਹਾੜੀ ਰਾਜਿਆਂ ਨੂੰ ਵੀ ਸੁਚੇਤ ਕੀਤਾ ਕਿ ਸਿੱਖ ਕਿਧਰੇ ਪਹਾੜੀ ਰਿਆਸਤਾਂ ਵੱਲ ਕੂਚ ਨਾ ਕਰ ਜਾਣ ।ਸਭ ਤੋਂ ਪਹਿਲਾਂ ਲਾਹੌਰ ਦੇ ਸਾਰੇ ਸਿੱਖਾਂ ਨੂੰ ਫੜ ਕੇ ਕਤਲ ਕਰਨ ਦਾ ਹੁਕਮ ਦਿੱਤਾ ।ਲਾਹੌਰ ਦੇ ਮੁਖੀ ਸੱਜਣਾਂ ਨੇ ਲਖਪਤ ਰਾਏ ਨੂੰ ਬਹੁਤ ਸਮਝਾਇਆ, ਪਰ ਉਸ ਦੇ ਕੰਨ 'ਤੇ ਜੂੰ ਨਾ ਸਰਕੀ ।ਉਸ ਨੇ ਢੋਲ ਵਜਾ ਕੇ ਡੌਂਡੀ ਪਿਟਵਾਈ ਅਤੇ ਐਲਾਨ ਕੀਤਾ, ਕੋਈ ਸਿੱਖ ਗੁਰਬਾਣੀ ਨਹੀਂ ਪੜ੍ਹੇਗਾ, ਗੁੜ ਸ਼ਬਦ ਦਾ ਉਚਾਰਨ ਨਹੀਂ ਕਰੇਗਾ ।ਕਿਉਂਕਿ ਅਜਿਹਾ ਕਰਨ ਨਾਲ ਗੁਰੂ ਯਾਦ ਆਉਂਦਾ ਹੈ, ਗੁੜ ਦੀ ਰੋੜੀ ਕਿਹਾ ਜਾਵੇ ।ਸਾਰੇ ਸਿੰਘਾਂ ਨੇ ਗੁਰਮਤਾ ਕਰਕੇ ਯੁੱਧ ਨੀਤੀ ਨੂੰ ਵਿਚਾਰਦਿਆਂ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਕਸਬੇ ਤੋਂ ਅੱਠ ਕਿਲੋਮੀਟਰ ਦੂਰ ਕਾਹਨੂੰਵਾਨ ਦੇ ਛੰਭ ਵਿੱਚ ਡੇਰੇ ਲਾ ਲਏ ।ਇਸ ਛੰਭ ਦਾ ਸੰਘਣਾ ਜੰਗਲ ਪਹਿਲਾਂ ਵੀ ਮੁਸੀਬਤ ਸਮੇਂ ਸਿੰਘਾਂ ਦੀ ਲੁਕਣਗਾਹ ਸੀ ।ਲਖਪਤ ਰਾਏ ਨੇ ਲਾਹੌਰ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਸਿੱਖਾਂ ਦਾ ਬਹੁਤ ਨੁਕਸਾਨ ਕੀਤਾ । ਹੁਣ ਉਸ ਨੇ ਕਾਹਨੂੰਵਾਨ ਦੇ ਛੰਭ ਨੂੰ ਘੇਰਨ ਦਾ ਹੁਕਮ ਦਿੱਤਾ ।ਛੰਭ ਵਿੱਚ ਘਿਰੇ ਹੋਏ ਸਿੰਘ ਕੰਡਿਆਂ, ਝਾੜੀਆਂ ਦੇ ਜੰਗਲ ਵਿੱਚ ਭੁੱਖਣ-ਭਾਣੇ ਦੁਸ਼ਮਣ ਨਾਲ ਗੁਰੀਲਾ ਢੰਗ ਨਾਲ ਲੜਦੇ ਰਹੇ ।ਸਿੰਘਾਂ ਕੋਲ ਲਖਪਤ ਰਾਏ ਦੇ ਮੁਕਾਬਲੇ ਦਾ ਕੋਈ ਤੋਪਖਾਨਾ ਵੀ ਨਹੀਂ ਸੀ, ਨਾ ਹੀ ਅਜਿਹੇ ਹਥਿਆਰ ਜਿਨ੍ਹਾਂ ਨਾਲ ਦੁਸ਼ਮਣ ਨੂੰ ਭਾਂਜ ਦਿੱਤੀ ਜਾ ਸਕੇ ।ਸਿੰਘਾਂ ਨੂੰ ਜੰਗਲ ਵਿੱਚ ਰਹਿਣ ਦੀ ਜਾਚ ਸੀ ।

ਲਖਪਤ ਰਾਏ ਨੇ ਪਹਿਲਾਂ ਜੰਗਲ ਕੱਟ ਕੇ ਤੋਪਾਂ ਲਈ ਰਸਤਾ ਬਣਾਇਆ ਅਤੇ ਨਾਲ ਹੀ ਜੰਗਲ ਨੂੰ ਅੱਗ ਲਾ ਦਿੱਤੀ ।ਛੰਭ ਵਿੱਚ ਪੰਜ ਹਜ਼ਾਰ ਸਿੱਖਾਂ 'ਤੇ ਮੁਸੀਬਤ ਦਾ ਪਹਾੜ ਟੁੱਟ ਪਿਆ ।ਸਿੰਘਾਂ ਲਈ ਇਹ ਘੋਰ ਬਿਪਤਾ ਦਾ ਸਮਾਂ ਸੀ, ਪਰ ਫਿਰ ਵੀ ਮੁਗਲ ਸੈਨਾ ਦਾ ਟਾਕਰਾ ਉਨ੍ਹਾਂ ਬੜੀ ਬਹਾਦਰੀ ਨਾਲ ਕੀਤਾ ।ਛੰਭ ਛੱਡ ਕੇ ਜਾਣ ਦਾ ਕੋਈ ਰਸਤਾ ਨਹੀਂ ਸੀ ।ਲਖਪਤ ਰਾਏ ਦੀਆਂ ਫੌਜਾਂ ਮਾਰੋ-ਮਾਰ ਕਰਦੀਆਂ ਆ ਰਹੀਆਂ ਸਨ ।ਇਸ ਘੇਰੇ ਵਿੱਚ ਮੁਖੀ ਜਰਨੈਲਾਂ ਵਿੱਚ ਬੁੱਢਾ ਦਲ ਦੇ ਮੁਖੀ ਨਵਾਬ ਕਪੂਰ ਸਿੰਘ, ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸ।ਸੁੱਖਾ ਸਿੰਘ ਮਾੜੀ ਕੰਬੋਦੀ, ਸ। ਗੁਰਦਿਆਲ ਸਿੰਘ ਡੱਲੇਵਾਲ ਆਦਿ ਅਗਵਾਈ ਕਰ ਰਹੇ ਸਨ ।ਲਖਪਤ ਰਾਏ ਦੇ ਨਾਮੀ ਜਰਨੈਲ ਇਸ ਯੁੱਧ ਵਿੱਚ ਮਾਰੇ ਗਏ ।ਕੁਝ ਕੁ ਸਿੰਘਾਂ ਨੇ ਬਚ-ਬਚਾ ਕੇ ਲੰਮਾ ਸਫ਼ਰ ਤੈਅ ਕਰਕੇ ਰਾਵੀ ਦਰਿਆ ਪਾਰ ਕਰਕੇ ਕਠੂਆ ਤੋਂ ਬਸੌਲੀ ਵੱਲ ਮੂੰਹ ਕੀਤਾ ।ਪਰ ਮੁੱਢ ਤੋਂ ਖ਼ਾਲਸੇ ਨਾਲ ਵੈਰ ਭਾਵ ਰੱਖਣ ਵਾਲੇ ਪਹਾੜੀ ਰਾਜਿਆਂ ਨੇ ਵੀ ਗੋਲੀਆਂ ਨਾਲ ਸਵਾਗਤ ਕੀਤਾ ।ਇਸ ਲੜਾਈ ਵਿੱਚ ਸੱਤ ਹਜ਼ਾਰ ਤੋਂ ਦੱਸ ਹਜ਼ਾਰ ਤੱਕ ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀਤਾ ।ਤਿੰਨ ਹਜ਼ਾਰ ਸਿੰਘਾਂ ਨੂੰ ਫੜ ਕੇ ਲਾਹੌਰ ਦੇ ਨਖਾਸ ਚੌਂਕ ਵਿੱਚ ਸ਼ਹੀਦ ਕੀਤਾ ਗਿਆ ।ਕੁਝ ਕੁ ਸਿੰਘ ਮਾਲਵੇ ਵੱਲ ਤੇ ਕੁਝ ਕੁ ਸਿੰਘ ਪਹਾੜਾਂ ਵੱਲ ਨਿਕਲ ਗਏ ।ਪਹਿਲਾਂ ਇਸ ਯੁੱਧ ਨੂੰ ਕੇਵਲ ਘੱਲੂਘਾਰਾ ਹੀ ਕਿਹਾ ਜਾਂਦਾ ਸੀ, ਪਰ ਇਸ ਯੁੱਧ ਤੋਂ 16 ਸਾਲ ਪਿੱਛੋਂ 1762 ਈ: ਵਿੱਚ ਕੁੱਪ-ਰੁਹੀੜਾ ਦੇ ਅਸਥਾਨ 'ਤੇ ਹੋਏ ਵੱਡੇ ਘੱਲੂਘਾਰੇ ਤੋਂ ਬਾਅਦ ਇਸ ਨੂੰ ਛੋਟਾ ਘੱਲੂਘਾਰਾ ਕਿਹਾ ਜਾਣ ਲੱਗਾ ।ਇਸ ਤਰ੍ਹਾਂ ਪਹਿਲੀ ਵਾਰ ਸਿੱਖਾਂ ਦਾ ਏਨਾ ਜਾਨੀ ਨੁਕਸਾਨ ਹੋਇਆ ।

ਲਖਪਤ ਰਾਏ ਨੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਨੂੰ ਸਾੜਨ ਤੋਂ ਇਲਾਵਾ ਗੁਰਧਾਮਾਂ ਦਾ ਵੀ ਰੱਜ ਕੇ ਨੁਕਸਾਨ ਕੀਤਾ ।ਘੱਲੂਘਾਰਾ ਦੇ ਇਸ ਅਸਥਾਨ ਉੱਪਰ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਉਸਾਰੀ ਕੀਤੀ ਗਈ ।ਹਰ ਸਾਲ ਸ਼ਹੀਦਾਂ ਦੀ ਯਾਦ ਵਿੱਚ ਪ੍ਰਬੰਧਕ ਕਮੇਟੀ ਸੁਚਾਰੂ ਢੰਗ ਨਾਲ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਮਨਾਉਂਦੀ ਹੈ ।ਇਸ ਤੋਂ ਇਲਾਵਾ ਕੁਝ ਕੁ ਸਾਲ ਪਹਿਲਾਂ ਪੰਜਾਬ ਸਰਕਾਰ ਨੇ ਘੱਲੂਘਾਰੇ ਦੀ ਯਾਦਗਾਰ ਬਣਾਈ ਹੈ। ਘੱਲੂਘਾਰੇ ਦੇ ਸ਼ਹੀਦਾਂ ਨੂੰ ਸਾਡਾ ਪ੍ਰਣਾਮ।

# ਪੰਕਜ ਕਾਂਗਰਸ ਛੱਡ ਕੇ ਅਕਾਲੀ ਦਲ 'ਚ ਹੋਏ ਸ਼ਾਮਿਲ, ਹਲਕਾ ਇੰਚਾਰਜ ਨੇ ਕੀਤਾ ਸਵਾਗਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਤੋਂ ਕਾਂਗਰਸ ਪਾਰਟੀ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਸ੍ਰੀ ਪੰਕਜ ਕੁਮਾਰ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਦੇ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਲੋਕ ਆਪ ਮੁਹਾਰੇ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ ਸ਼ਾਮਿਲ ਹੋਏ ਬਰਕਰਾਰਾਂ ਨੂੰ ਪਾਰਟੀ ਵਿੱਚ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਉਹਨਾਂ ਕਿਹਾ ਕਿ ਪੰਕਜ ਕੁਮਾਰ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਹਨ। ਉਹਨਾਂ ਨੂੰ ਵਾਰਡ ਨੰਬਰ 16 ਤੋਂ ਮਿਉਸਪਲ ਕਮੇਟੀ ਦੀਆਂ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਦਾ ਉਮੀਦਵਾਰ ਵੀ ਬਣਾਇਆ ਗਿਆ ਹੈ। ਇਸ ਮੌਕੇ ਸੰਜੀਵ ਕੁਮਾਰ ਪਿੰਟਾ ਸਹਿਰੀ ਪ੍ਰਧਾਨ, ਅਮਰੀਕ ਸਿੰਘ, ਰਾਜਿੰਦਰ ਸਿੰਘ ਭਸੀਨ, ਗੁਰਦਿਆਲ ਸਿੰਘ ਕਾਂਝਲਾ, ਦਰਸਨ ਸਿੰਘ ਬਿਰਦੀ, ਪਰਮਜੀਤ ਸਿੰਘ ਧੂਰਾ, ਹਰਪਾਲ ਸਿੰਘ ਧੂਰਾ, ਹਰਨੇਕ ਸਿੰਘ ਦੀਵਾਨਾ, ਸਰਬਜੀਤ ਸਿੰਘ ਕਾਤਰੋਂ ਸਾਬਕਾ ਸਰਪੰਚ ਹਾਜਰ ਸਨ।

# ਨੀਲੂ ਮਿੱਤਲ ਦੀ ਬੇਟੀ ਨੇ ਸੀਬੀਐਸਈ +2 ਪੰਜਾਬ 'ਚੋਂ ਦੂਜਾ ਅਤੇ ਜਿਲੇ ਚੋਂ ਪਹਿਲਾ ਰੈਕ ਪ੍ਰਾਪਤ



**ਧੂਰੀ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ਼੍ਰੀ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਦੀ ਬੇਟੀ ਨੇ ਸੀਬੀਐਸਈ +2 ਦੀ ਵਿਦਿਆਰਥੀ ਯਾਫਿਆ ਮਿੱਤਲ ਨੇ 98.6 ਰੈਂਕ ਪ੍ਰਾਪਤ ਕਰਕੇ ਪੰਜਾਬ ਚੋ ਦੂਜਾ ਅਤੇ ਜਿਲੇ ਚੋ ਪਹਿਲਾ ਰੈਂਕ ਪ੍ਰਾਪਤ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬੀਜੇਪੀ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਬੱਚੇ ਦੀ ਮਿਹਨਤ ਸਦਕਾ ਸੀਬੀਐਸਈ ਬੋਰਡ ਦੇ ਰਿਜਲਟ ਪੰਜਾਬ ਵਿੱਚੋਂ ਦੂਜੇ ਰੈਂਕ ਅਤੇ ਜਿਲੇ ਚੋਂ ਪਹਿਲੇ ਰੈਂਕ ਤੇ ਆਉਣਾ ਬੱਚੇ ਅਤੇ ਪਰਿਵਾਰ ਲਈ ਮਾਣ ਵਾਲੀ ਗੱਲ ਹੈ। ਅਸੀਂ ਹਮੇਸ਼ਾ ਹੀ ਬੱਚੇ ਦੀ ਹੌਸਲਾ ਅਫਜਾਈ ਕੀਤੀ ਹੈ। ਅਸੀਂ ਅੱਜ ਵੀ ਬੱਚੇ ਦੇ ਨਾਲ ਹਾਂ ਜਿਵੇਂ ਹੀ ਬੱਚਾ ਮਿਹਨਤ ਕਰਕੇ ਅੱਗੇ ਪੜ੍ਹਨਾ ਚਾਹੇਗਾ ਅਸੀਂ ਉਹਦੀ ਪੂਰੀ ਸਪੋਰਟ ਕਰਾਂਗੇ ।

# ਵਿਕਰਾਂਤ ਚੱਠਾ ਵੱਲੋਂ ਵਾਰਡ ਨੰਬਰ 10 'ਚ ਸਰਗਰਮੀਆਂ ਤੇਜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਵਿੱਚ ਆਪਣੀਆਂ ਮੁੱਢਲੀਆਂ ਕਤਾਰਾਂ ਵਿੱਚ ਹੋ ਕੇ ਸੇਵਾਵਾਂ ਨਿਭਾ ਰਹੇ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਸ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫਸੀਆਈ ਟਰੇਡ ਯੂਨੀਅਨ ਭਾਰਤ ਦੇ ਸਪੁੱਤਰ ਵਿਕਰਾਂਤ ਚੱਠਾ ਵੱਲੋਂ ਧੂਰੀ ਦੇ ਵਾਰਡ ਨੰਬਰ 10 ਤੋਂ ਆਪਣੀਆਂ ਸਰਗਰਮੀਆਂ ਤੇਜ ਕੀਤੀਆਂ ਹੋਈਆਂ ਹਨ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਸਮਾਜ ਸੇਵੀ ਵਿਕਰਾਂਤ ਚੱਠਾ ਨੇ ਕਿਹਾ ਇਹ ਕਿ ਸਾਡਾ ਪਰਿਵਾਰ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਤੇ ਵਿੱਚ ਅਹਿਮ ਯੋਗਦਾਨ ਪਾ ਕੇ ਆਪਣੀਆਂ ਸੇਵਾਵਾ ਨਿਭਾ ਰਿਹਾ ਹੈ, ਜਿਸ ਦੇ ਚਲਦਿਆਂ ਵਾਰਡ ਨੰਬਰ 10 ਦੇ ਨਿਵਾਸੀਆਂ ਵੱਲੋਂ ਮਿਲ ਰਹੇ ਸਹਿਯੋਗ ਦਾ ਉਹ ਸਦਾ ਰਿਣੀ ਰਹਿਣਗੇ।

# ਬੀਜੇਪੀ ਦੇ ਉਮੀਦਵਾਰ ਧੂਰੀ ਦੇ 21 ਵਾਰਡਾਂ ਚੋਂ ਜਿੱਤ ਪ੍ਰਾਪਤ ਕਰਨਗੇ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਵਾਰਡ ਨੰਬਰ 9 ਤੋਂ ਪ੍ਰੀਆ ਅਤੇ ਵਾਰਡ ਨੰਬਰ 10 ਤੋਂ ਹਰੀ ਕ੍ਰਿਸਨ ਮਨੀ, ਵਾਰਡ ਨੰਬਰ 4 ਮਿੱਠੂ $3 ਨੇ ਕਾਂਗਜ ਦਾਖਲ ਕੀਤੇ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਧੂਰੀ ਦੀਆਂ ਮਿਉਸਪਲ ਕਮੇਟੀ ਦੀਆਂ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ 21 ਵਾਰਡਾਂ ਵਿੱਚ ਉਮੀਦਵਾਰ ਖੜੇ ਕਰਕੇ ਚੋਣ ਮੈਦਾਨ ਵਿੱਚ ਹੈ। ਧੂਰੀ ਦੇ ਲੋਕ ਸ੍ਰੀ ਨਰਿੰਦਰ ਮੋਦੀ ਦੀਆਂ ਲੋਕ ਭਲਾਈ ਸਕੀਮਾਂ ਤੋਂ ਖੁਸ਼ ਹਨ, ਉਹ ਆਉਣ ਵਾਲੀ 26 ਮਈ ਨੂੰ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਵੱਡਾ ਫੈਸਲਾ ਦੇ ਕੇ ਕੀ ਉਮੀਦਵਾਰਾਂ ਨੂੰ ਜਿਤਾ ਕੇ ਇਤਿਹਾਸ ਰਚਣਗੇ। ਇਸ ਮੌਕੇ ਆਸੀਸ ਗਰਗ ਮੰਡਲ ਪ੍ਰਧਾਨ, ਬਿਰਜੇਸਵਰ ਗੋਇਲ, ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਅੰਮ੍ਰਿਤ ਬਰਾੜ ਹਾਜਰ ਸਨ।



ਸੀ ਬੀ ਐਸ,ਈ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ

# ਖਾਲਸਾ ਅਕੈਡਮੀ ਮਹਿਤਾ ਚੌਂਕ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ




**ਚੌਂਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਦਾ ਸੈਸ਼ਨ 2025-2026 ਦਾ ਸੀ.ਬੀ.ਐਸ.ਈ. ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦਾ ਐਲਾਨਿਆ ਗਿਆ ਨਤੀਜਾ ਸ਼ਾਨਦਾਰ ਰਿਹਾ।ਖਾਲਸਾ ਅਕੈਡਮੀ ਡਾਇਰੈਕਟਰ/ ਪ੍ਰਿੰਸੀਪਲ ਡਾ.ਜਤਿੰਦਰ ਸ਼ਰਮਾ ਨੇ ਨਤੀਜੇ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ (ਕਮਰਸ ਗਰੁੱਪ) ਦੀ ਹੋਣਹਾਰ ਵਿਦਿਆਰਥਣ ਐਸ਼ਮੀਤ ਕੌਰ 96% ਅੰਕਾਂ ਨਾਲ ਸਕੂਲ ਵਿੱਚੋਂ ਅੱਵਲ ਰਹੀ। ਇਸੇ ਤਰ੍ਹਾਂ ਗੁਰਲੀਨ ਕੌਰ 95% ਅੰਕਾਂ ਨਾਲ ਦੂਸਰੇ ਸਥਾਨ ਤੇ ਅਤੇ ਜਸ਼ਨਪ੍ਰੀਤ ਕੌਰ 90.2% ਅੰਕਾਂ ਨਾਲ ਤੀਸਰੇ ਸਥਾਨ ਤੇ ਰਹੀ। ਮੈਡੀਕਲ ਵਿੱਚੋਂ ਗੁਰਸੀਰਤ ਕੌਰ ਵਿੱਚੋਂ 93% ਅੰਕਾਂ ਅਤੇ ਰਾਜਦੀਪ ਕੌਰ 83 ਅੰਕ ਪ੍ਰਾਪਤ ਕਰਕੇ ਦੂਸਰੇ ਸਥਾਨ ਤੇ ਨਾਲ ਅੱਵਲ ਰਹੀ,ਨਾਨ ਮੈਡੀਕਲ ਗਰੁੱਪ ਵਿੱਚ ਕਿਰਨਦੀਪ ਕੌਰ 84% ਅੰਕਾਂ ਪ੍ਰਾਪਤ ਕਰਕੇ ਪਹਿਲੇ ਸਥਾਨ ਅਤੇ ਹਰਮਿਲਾਪ ਸਿੰਘ 83 ਪ੍ਰਤੀਸ਼ਤ ਅੰਕਾਂ ਨਾਲ ਦੂਸਰੇ ਸਥਾਨ ਤੇ ਰਹੇ। (ਆਰਟਸ ਗਰੁੱਪ) ਵਿੱਚੋਂ ਪ੍ਰਭਦੀਪ ਕੌਰ 88 ਪ੍ਰਤੀਸ਼ਤ ਅੰਕਾਂ ਨਾਲ ਪਹਿਲੇ ਸਥਾਨ ਤੇ ਅਤੇ ਪ੍ਰਬਲੀਨ ਕੌਰ 86% ਅੰਕਾਂ ਨਾਲ ਦੂਸਰੇ ਸਥਾਨ ਅਤੇ ਸੁਖਮਨਪ੍ਰੀਤ ਕੌਰ 80 ਪ੍ਰਤੀਸ਼ਤ ਅੰਕਾਂ ਨਾਲ ਤੀਸਰੇ ਸਥਾਨ ਤੇ ਰਹੀ। ਇਸ ਮੌਕੇ ਖਾਲਸਾ ਅਕੈਡਮੀ ਪ੍ਰਿੰਸੀਪਲ/ ਡਾਇਰੈਕਟਰ ਡਾ. ਜਤਿੰਦਰ ਸ਼ਰਮਾ, ਡਾਇਰੈਕਟਰ ਸ. ਹਰਸ਼ਦੀਪ ਸਿੰਘ ਅਤੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ ਨੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਇਸ ਕਾਮਯਾਬੀ ਤੇ ਵਧਾਈ ਦਿੰਦਿਆਂ ਹੋਇਆ ਇਹਨਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਖਤ ਮਿਹਨਤ ਕਰਕੇ ਉੱਚਾ ਮੁਕਾਮ ਹਾਸਿਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਇਹ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਤਾ -ਪਿਤਾ ਦੇ ਸਹਿਯੋਗ ਸਦਕਾ ਸੰਭਵ ਹੋ ਸਕਿਆ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਇਨ੍ਹਾਂ ਵਾਂਗ ਮਿਹਨਤ ਕਰਕੇ ਕਾਮਯਾਬੀ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ।

ਖਾਲਸਾ ਕਾਲਜੀਏਟ ਸਕੂਲ ਮਹਿਤਾ ਦਾ

# ਦਸਵੀਂ ਤੇ ਬਾਰਵੀਂ ਦਾ ਨਤੀਜਾ ਸ਼ਾਨਦਾਰ ਰਿਹਾ



**ਚੌਂਕ ਮਹਿਤਾ, 16 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ ਮਹਿਤਾ ਦਾ ਦਸਵੀਂ ਤੇ ਬਾਰਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਦੱਸਿਆ ਕਿ ਦਸਵੀਂ ਜਮਾਤ ਦੀ ਗੁਰਲੀਨ ਕੌਰ ਨੇ 92%, ਸਿਮਰਨਜੀਤ ਕੌਰ ਨੇ 91% ਅਤੇ ਆਕਾਸ਼ਦੀਪ ਸਿੰਘ ਤੇ ਅਨਮੋਲਪ੍ਰੀਤ ਕੌਰ ਨੇ 89% ਅੰਕ ਹਾਸਲ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜੇ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬਾਰਵੀਂ ਜਮਾਤ ਸੰਦੀਪ ਕੌਰ ਨੇ 91%, ਨਵਜੀਤ ਕੌਰ ਨੇ 90% ਅਤੇ ਰਵਜੋਤ ਸਿੰਘ ਨੇ 88% ਅੰਕ ਹਾਸਲ ਕਰਕੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰਸੀਪਲ ਜਤਿੰਦਰ ਕੁਮਾਰ ਸ਼ਰਮਾ, ਸੁਖਦੇਵ ਸਿੰਘ, ਸੁਖਜੀਤ ਸਿੰਘ ਕੁਲਦੀਪ ਕੌਰ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਹੋਰ ਸਖਤ ਮਿਹਨਤ ਕਰਨ ਤੇ ਉਹਨਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

# ਚੱਠਾ ਨੇ ਵਾਰਡ ਨੰਬਰ 10 ਤੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ



**ਧੂਰੀ ( ਰਣਜੀਤ ਸਿੰਘ ਪੇਧਨੀ)**-ਧੂਰੀ ਹਲਕੇ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ ਦੇ ਸਪੁੱਤਰ ਵਿਕਰਾਤ ਸਿੰਘ ਚੱਠਾ ਨੇ ਸ਼ਹਿਰ ਦੇ ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਚੋਣ ਅਧਿਕਾਰੀ ਕੋਲ ਜਮ੍ਹਾਂ ਕਰਵਾਏ। ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਸਤਿੰਦਰ ਸਿੰਘ ਚੱਠਾ , ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰਹੇੜੀ , ਗਗਨ ਜਵੰਧਾ ਭਸੌੜ ਪ੍ਰਧਾਨ ਟਰੱਕ ਯੂਨੀਅਨ ਧੂਰੀ ਅਤੇ ਹੋਰ ਵੀ ਹਾਜ਼ਰ ਸਨ । ਇਸ ਮੌਕੇ ਆਪ ਉਮੀਦਵਾਰ ਵਿਕਰਾਤ ਸਿੰਘ ਚੱਠਾ ਨੇ ਕਿਹਾ ਧੂਰੀ ਸ਼ਹਿਰ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਧੂਰੀ ਸ਼ਹਿਰ ਦੇ ਕੀਤੇ ਜਾ ਰਹੇ ਵਿਕਾਸ ਤੋਂ ਖ਼ੁਸ ਹੋ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਭਾਰੀ ਜੇਤੂ ਫਤਵਾ ਦੇਣਗੇ । ਇਸ ਮੌਕੇ ਆਪ ਆਗੂ ਹਰਪ੍ਰੀਤ ਸਿੰਘ ਗਿੱਲ , ਜਸਵਿੰਦਰ ਖੁਰਮੀ ਹਾਜ਼ਰ ਸਨ।

# ਮਿੰਨੀ ਪੀਐਚਸੀ ਮੱਤੇਵਾਲ 'ਚ ਕੌਮੀ ਡੇਂਗੂ ਦਿਵਸ ਮਨਾਇਆ




**ਚੌਂਕ ਮਹਿਤਾ , 16 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅੰਮ੍ਰਿਤਸਰ ਡਾ: ਸਤਿੰਦਰਜੀਤ ਸਿੰਘ ਅਤੇ ਐਸਐਮਓ ਮੈਡਮ ਮੋਨਾ ਚਥਰਥ ਤਰਸਿੱਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਹਰਜੀਤ ਕੌਰ ਦੀ ਅਗਵਾਈ ਹੇਠ ਮਿੰਨੀ ਪੀਐਚਸੀ ਮੱਤੇਵਾਲ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਪਿੰਦਰ ਸਿੰਘ ਐਸਆਈ.,ਧਰਮਿੰਦਰਜੀਤ ਐਸਆਈ ਅਤੇ ਸਿਹਤ ਵਿਭਾਗ ਅਧਿਕਾਰੀਆਂ ਨੇ ਦੱਸਿਆ ਕਿ ਡੇਂਗੂ ਇਕ ਵਾਇਰਲ ਬੁਖਾਰ ਹੈ, ਡੇਂਗੂ ਫਲੈਵੀ ਵਾਇਰਸ ਨਾਂ ਦੇ ਚਾਰ ਅਲੱਗ ਅਲੱਗ ਡੇਂਗੂ ਵਾਇਰਸਾਂ ਦੇ ਕਾਰਨ ਹੁੰਦਾ ਹੈ। ਡੇਂਗੂ ਐਡੀਜ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਡੇਂਗੂ ਬੁਖਾਰ ਬੱਚਿਆਂ ਵਿਚ ਜ਼ਿਆਦਾ ਪਾਇਆ ਜਾਂਦਾ ਹੈ।ਇਸ ਤੋਂ ਬੱਚਣ ਲਈ ਟਾਇਰਾਂ ਬੋਤਲਾਂ ਕੂਲਰਾਂ ਗੁਲਦਸਤਿਆਂ ਟੁੱਟੇ ਭੱਜੇ ਬਰਤਨਾਂ, ਅਤੇ ਫਰਿਜ ਦੀ ਪਿਛਲੀ ਟਰੇਅ ਆਦਿ ਵਿੱਚ ਖੜੇ ਪਾਣੀ ਵਿਚ ਫੈਲਦਾ ਹੈ। ਇਸ ਕਰਕੇ ਆਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਇਸ ਮੌਕੇ ਸੁਖਚੈਨ ਸਿੰਘ ਸੈਦੋਲੇਹਲ ਹੈਲਥ ਵਰਕਰ, ਹਰਦੀਪ ਸਿੰਘ ਹੈਲਥ ਵਰਕਰ ਅਤੇ ਸਮੂਹ ਸਟਾਫ ਹਾਜ਼ਰ ਸਨ। ਕੈਪਸਨ: ਮਿੰਨੀ ਪੀਐਚਸੀ ਮੱਤੇਵਾਲ ਵਿਖੇ ਜਾਣਕਾਰੀ ਦਿੰਦੇ ਹੋਏ ਸਿਹਤ ਵਿਭਾਗ ਦੀ ਅਧਿਕਾਰੀ।

## ਵਿਸਵ ਡੈਗੂ ਦਿਵਸ਼ ਪੀ ਐਚ ਸੀ ਕਾਂਝਲਾ ਵਿਖੇ ਮਨਾਇਆ ਗਿਆ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਅਤੇ ਉਪਾਸਨਾ ਬਿੰਦਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਅਗਵਾਈ ਹੇਠ ਪੀ ਐਚ ਸੀ ਕਾਂਝਲਾ ਵਿਖੇ ਵਿਸਵ ਡੈਂਗੂ ਦਿਵਸ ਮਨਾਇਆ ਗਿਆ ਜਿਸ ਵਿੱਚ ਆਏ ਮਰੀਜਾ.ਨੂੰ ਡੈਂਗੂ ਬੁਖਾਰ ਤੋਂ ਬਚਾਓ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਦੌਰਾਨ ਅਸੋਕ ਕੁਮਾਰ ਹੈਲਥ ਸੁਪਰਵਾਈਜ਼ਰ ਕਾਂਝਲਾ ਨੇ ਦੱਸਿਆ ਕਿ ਡੇਂਗੂ ਬੁਖਾਰ ਇੱਕ ਵਾਇਰਲ ਇਹ ਏਡੀਜ਼ ਨਾਂ ਦੇ ਮਾਦਾ ਮੱਛਰ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿਚ ਇਕ ਵਾਰ ਜ਼ਰੂਰ ਸੁਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋਣ ਦਾ ਸ਼ੱਕ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਮੁਹੱਲਾ ਕਲੀਨਿਕ ਕਾਂਝਲਾ ਦੀ ਮੈਡੀਕਲ ਆਫ਼ਸਰ ਡਾਕਟਰ ਦੀਪਨੂਰ ਸਿੰਗਲਾ, ਰਣਜੀਤ ਸਿੰਘ, ਯੋਗੇਸ਼ ਕੁਮਾਰ ਫਾਰਮੇਸੀ ਆਫ਼ਸਰ,ਗੁਰਪ੍ਰੀਤ ਸਿੰਘ ਮ. ਪ. ਹ. ਵ (ਮ)ਅਤੇ ਸੋਹਿਣਪ੍ਰੀਤ ਮ. ਪ. ਹ. ਵ. (ਫ) ਬੇਅੰਤ ਕੌਰ ਸੀ ਐਚ ਓ, ਬਲਜਿੰਦਰ ਸਿੰਘ ਉੱਪ ਵੈਦ ਹਾਜਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

### ਹਲਕਾ ਇੰਚਾਰਜ ਰੰਧਾਵਾ ਨੇ

# ਅਕਾਲੀ ਉਮੀਦਵਾਰਾਂ ਦੇ ਕਾਗਜ਼ ਦਾਖਲ ਕਰਵਾਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਦੇ ਹੇਠ ਧੂਰੀ ਦੇ 21 ਵਾਰਡਾਂ ਦੇ ਵਿੱਚ ਮਿਊਸੀਪਲ ਕਮੇਟੀ ਦੀਆਂ ਚੋਣਾਂ ਲੜੀਆਂ ਜਾ ਰਹੀਆਂ ਹਨ। ਜਿਸ ਦੇ ਤਹਿਤ ਪੰਕਜ ਕੁਮਾਰ ਵਾਰਡ ਨੰਬਰ 16, ਦਰਸ਼ਨ ਸਿੰਘ ਬਿਰਦੀ ਵਾਰਡ ਨੰਬਰ 21, ਬਲਵਿੰਦਰ ਸਿੰਘ ਪੱਪੂ ਵਾਰਡ ਨੰਬਰ 12 ,ਵਾਰਡ ਨੰਬਰ 15 ਤੋਂ ਜਗਦੀਪ ਕੌਰ ਪਤਨੀ ਅਮਰਿੰਦਰ ਸਿੰਘ ਕਾਲਾ ਨੇ ਆਪਣੇ ਕਾਗਜ਼ ਦਾਖਲ ਕੀਤੇ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ। ਹੁਣ ਉਹਨਾਂ ਨੇ ਫੈਸਲਾ ਕਰ ਲਿਆ ਹੈ ਕਿ ਧੂਰੀ ਦੇ 21 ਵਾਰਡਾਂ ਵਿੱਚੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰਾਂ ਦੇ ਹੱਕ ਵਿੱਚ ਵੋਟਾਂ ਪਾ ਕੇ ਉਨ੍ਹਾਂ ਨੂੰ ਕਾਮਯਾਬ ਬਣਾਉਣਗੇ ।ਇਸ ਮੌਕੇ ਸੰਜੀਵ ਕੁਮਾਰ ਪਿੰਟਾ ਸਹਿਰੀ ਪ੍ਰਧਾਨ, ਅਮਰੀਕ ਸਿੰਘ, ਰਾਜਿੰਦਰ ਸਿੰਘ ਭਸੀਨ, ਗੁਰਦਿਆਲ ਸਿੰਘ ਕਾਂਝਲਾ, ਦਰਸਨ ਸਿੰਘ ਬਿਰਦੀ, ਪਰਮਜੀਤ ਸਿੰਘ ਧੂਰਾ, ਹਰਪਾਲ ਸਿੰਘ ਧੂਰਾ, ਹਰਨੇਕ ਸਿੰਘ ਦੀਵਾਨਾ, ਸਰਬਜੀਤ ਸਿੰਘ ਕਾਤਰੋਂ ਸਾਬਕਾ ਸਰਪੰਚ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅਮਨਦੀਪ ਹਸਪਤਾਲ ਤੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ

# ਫਿਰੋਜ਼ਪੁਰ ਵਿੱਚ ਲੱਗੇਗਾ ਮੁ.ਫਤ ਫਾਈਬ੍ਰੋ ਸਕੈਨ ਜਾਂਚ ਕੈਂਪ

ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਅਤੇ ਐਂਟੀ ਕਰਾਈਮ ਐਂਡ ਐਂਟੀ ਨਾਰਕੋਟਿਕਸ (ਇੰਡੀਆ) ਵਿੰਗ ਦੇ ਸਹਿਯੋਗ ਨਾਲ 22 ਮਈ 2026 ਵੀਰਵਾਰ ਨੂੰ ਮੁਫ਼ਤ ਫਾਈਬ੍ਰੋ ਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਮੋਗਾ ਰੋਡ ਸਥਿਤ ਹਸਪਤਾਲ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦੌਰਾਨ ਗੈਸਟ੍ਰੋਐਂਟਰੋਲੋਜੀ ਅਤੇ ਹੈਪੇਟੋਲੋਜੀ ਵਿਭਾਗ ਦੇ ਸੀਨੀਅਰ ਮਾਹਿਰ ਡਾ: ਨਦੀਮ ਅਹਿਮਦ ਮਰੀਜ਼ਾਂ ਦੀ ਜਾਂਚ ਕਰਨਗੇ, ਉਹ ਲਿਵਰ ਅਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਮਾਹਿਰ ਸਲਾਹ ਅਤੇ ਜ਼ਰੂਰੀ ਸਿਹਤ ਸੰਬੰਧੀ ਜਾਣਕਾਰੀ ਵੀ ਦੇਣਗੇ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਤੌਰ ’ਤੇ ਕਰੀਬ 4000 ਰੁਪਏ ਦੀ ਲਾਗਤ ਵਾਲਾ ਫਾਈਬ੍ਰੋ ਸਕੈਨ ਟੈਸਟ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾਵੇਗਾ। ਜਾਂਚ ਅਧੁਨਿਕ ਏ.ਆਈ ਆਧਾਰਿਤ ਈਕੋਸੈਂਸ ਮਿਨੀ ਪਲੱਸ 430 ਮਸ਼ੀਨ ਰਾਹੀਂ ਕੀਤਾ ਜਾਵੇਗਾ, ਜੋ ਬਿਨਾਂ ਕਿਸੇ ਚੀਰ ਫਾੜ ਦੇ ਫੈਟੀ ਲਿਵਰ ਅਤੇ ਲਿਵਰ ਦੀ ਕਠੋਰਤਾ ਵਰਗੀਆਂ ਸਮੱਸਿਆਵਾਂ ਦਾ ਸ਼ੁਰੂਆਤੀ ਪੱਧਰ ’ਤੇ ਸਹੀ ਪਤਾ ਲਗਾਉਣ ਸਮਰੱਥ ਹੈ। ਕੈਂਪ ਦਾ ਉਦਘਾਟਨ ਫੈਸਿਲਿਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਐਂਟੀ ਕਰਾਈਮ ਐਂਡ ਐਂਟੀ ਨਾਰਕੋਟਿਕਸ (ਇੰਡੀਆ) ਵਿੰਗ ਦੇ ਚੇਅਰਮੈਨ ਸੰਦੀਪ ਗੁਲਾਟੀ ਵੱਲੋਂ ਸਾਂਝੇ ਤੌਰ ’ਤੇ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਨੇ ਕਿਹਾ ਕਿ ਬਦਲਦੀ ਜੀਵਨ ਸ਼ੈਲੀ ਅਤੇ ਖਾਣ ਪੀਣ ਦੀਆਂ ਆਦਤਾਂ ਕਾਰਨ ਲਿਵਰ ਨਾਲ ਸੰਬੰਧਿਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਅਜਿਹੇ ਵਿੱਚ ਲੋਕਾਂ ਨੂੰ ਸਮੇਂ ਸਿਰ ਜਾਂਚ ਅਤੇ ਮਾਹਿਰ ਸਲਾਹ ਮੁਹੱਈਆ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਦਾ ਉਦੇਸ਼ ਲੋਕਾਂ ਤੱਕ ਆਧੁਨਿਕ ਸਿਹਤ ਸਹੂਲਤਾਂ ਅਤੇ ਬਿਹਤਰ ਇਲਾਜ ਸੇਵਾਵਾਂ ਪਹੁੰਚਾਉਣਾ ਹੈ, ਤਾਂ ਜੋ ਗੰਭੀਰ ਬਿਮਾਰੀਆਂ ਤੋਂ ਬਚਾਅ ਸੰਭਵ ਹੋ ਸਕੇ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਅਤੇ ਨੇੜਲੇ ਇਲਾਕਿਆਂ ਦੇ ਲੋਕ ਇਸ ਮੁਫ਼ਤ ਸਿਹਤ ਕੈਂਪ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਅਮਨਦੀਪ ਗਰੁੱਪ ਇਸ ਵੇਲੇ 750 ਤੋਂ ਵੱਧ ਬਿਸਤਰੇ ਵਾਲੇ ਸਿਹਤ ਸੇਵਾ ਨੈਟਵਰਕ ਵਜੋਂ ਵਿਕਸਤ ਹੋ ਚੁੱਕਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਆਰਮੀ ਸਕੂਲਾਂ ’ਚ ਪੰਜਾਬੀ ਨੂੰ ਨੁੱਕਰੇ ਲਾ ਕੇ

# ਸੰਸਕ੍ਰਿਤ ਦੀ ਲਾਜ਼ਮੀ ਪੜ੍ਹਾਈ ਸ਼ੁਰੂ ਕਰਨਾ ਪੰਜਾਬੀਆਂ ਨਾਲ ਸ਼ਰੇਆਮ ਧੱਕਾ



**ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :—** ਪੰਜਾਬ ਵਿੱਚ ਕੰਮ ਕਰ ਰਹੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਪੜ੍ਹਾਈ ਨੂੰ ਨੁੱਕਰੇ ਲਾ ਕੇ ਸੰਸਕ੍ਰਿਤ ਦੀ ਲਾਜ਼ਮੀਂ ਪੜ੍ਹਾਈ ਸ਼ੁਰੂ ਕਰ ਦਿੱਤੀ ਗਈ ਹੈ। ਹਰ ਭਾਸ਼ਾ ਗਿਆਨ ਦੇ ਸੰਸਾਰ ਵੱਲ ਨਵੀਂ ਖੁੱਲਦੀ ਖਿੜਕੀ ਹੁੰਦੀ ਹੈ ਪਰ ਮਾਂ ਬੋਲੀ ਦੀ ਕੀਮਤ ਤੇ ਕੀਤਾ ਜਾ ਰਿਹਾ ਇਹ ਧੱਕਾ ਕਿਸੇ ਵੀ ਪੱਧਰ ਤੇ ਪ੍ਰਵਾਨ ਨਹੀਂ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹਰਮੀਤ ਵਿਦਿਆਰਥੀ ਨੇ ਕਿਹਾ ਕਿ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਵਲੋਂ ਬੱਚਿਆਂ ਦੇ ਮਾਪਿਆਂ ਤੋਂ ਇੱਕ ਐਲਾਨਨਾਮੇ ਉਤੇ ਦਸਤਖ਼ਤ ਕਰਵਾ ਕੇ ਸਹਿਮਤੀ ਲਈ ਜਾ ਰਹੀ ਹੈ ਕਿ ਉਨ੍ਹਾਂ ਦੇ ਬੱਚੇ ਪੰਜਾਬੀ ਭਾਸ਼ਾ ਨੂੰ ਵਾਧੂ ਵਿਸ਼ੇ ਵਜੋਂ ਪੜ੍ਹਨ ਲਈ ਤਿਆਰ ਹਨ ਅਤੇ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਦੀ ਇਸ ਧੱਕੇਸ਼ਾਹੀ ਵਾਲੇ ਫ਼ੈਸਲੇ ਖ਼ਿਲਾਫ਼ ਸ਼ਬਦ ਸੱਭਿਆਚਾਰ ਲਈ ਨਿਰੰਤਰ ਯਤਨਸ਼ੀਲ ਸੰਸਥਾ ਕਲਾਪੀਠ ਫ਼ਿਰੋਜ਼ਪੁਰ ਤਿੱਖਾ ਵਿਰੋਧੀ ਕਰਦੀ ਹੈ ਅਤੇ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਕਲਾਪੀਠ ਨੇ ਇਸ ਨੂੰ ਨਾ ਸਿਰਫ਼ ਪੰਜਾਬੀ ਭਾਸ਼ਾ ਅਤੇ ਪੰਜਾਬ ਦੇ ਭਾਸ਼ਾ ਕਾਨੂੰਨ—2008 ਦੀ ਉਲੰਘਣਾ ਕਰਾਰ ਦਿੱਤਾ ਹੈ, ਸਗੋਂ ਸਿੱਖਿਆ ਨੀਤੀ—2020 ਤੇ ਕੌਮੀ ਪਾਠਕ੍ਰਮ ਢਾਂਚੇ ਦੀਆਂ ਭਾਵਨਾਵਾਂ ਦੇ ਵੀ ਖ਼ਿਲਾਫ਼ ਦੱਸਿਆ ਹੈ। ਕਲਾਪੀਠ ਦੇ ਪ੍ਰਧਾਨ ਪ੍ਰੋ: ਜਸਪਾਲ ਘਈ ਜਨਰਲ ਸਕੱਤਰ ਸੁਖਜਿੰਦਰ, ਪ੍ਰੋ: ਗੁਰਤੇਜ ਕੋਹਾਰਵਾਲਾ, ਪ੍ਰੋ: ਕੁਲਦੀਪ, ਰਾਜੀਵ ਖ਼ਿਆਲ, ਸੁਰਿੰਦਰ ਕੰਬੋਜ ਸੁਖਦੇਵ ਭੱਟੀ ਅਤੇ ਹਰਮੀਤ ਵਿਦਿਆਰਥੀ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬ ਦੇ ਬੱਚਿਆਂ ਨੂੰ ਪੰਜਾਬੀ ਭਾਸ਼ਾ ਤੋਂ ਵਾਂਝਾ ਕਰਨਾ ਬਹੁਤ ਮੰਦਭਾਗਾ ਅਤੇ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਾਸ਼ਾ ਕਾਨੂੰਨ ਦੀ ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਅਦਰ ਲੈਂਗੁਏਜ਼ (ਅਮੈਂਡਮੈਂਟ) ਐਕਟ—2008 ਅਨੁਸਾਰ ਪੰਜਾਬ ਦੇ ਹਰ ਸਕੂਲ ਵਿੱਚ ਦਸਵੀਂ ਜਮਾਤ ਤੱਕ ਪੰਜਾਬੀ ਭਾਸ਼ਾ ਦੀ ਪੜ੍ਹਾਈ ਲਾਜ਼ਮੀ ਹੈ, ਪਰ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਵੱਲੋਂ ਜਾਰੀ ਕੀਤੇ ਪੱਤਰ ਵਿੱਚ ਪੰਜਾਬੀ ਨੂੰ ਵਾਧੂ ਵਿਸ਼ੇ ਵਜੋਂ ਰੱਖ ਕੇ ਸੰਸਕ੍ਰਿਤ ਨੂੰ ਲਾਜ਼ਮੀ ਤੌਰ ’ਤੇ ਪੜ੍ਹਾਉਣਾ ਬੱਚਿਆਂ ਦੇ ਸਿੱਖਣ ਦੇ ਅਧਿਕਾਰਾਂ, ਮਨੋਵਿਗਿਆਨਕ ਆਜ਼ਾਦੀ ਅਤੇ ਉਨ੍ਹਾਂ ਦੀ ਭਾਸ਼ਾਈ ਪਸੰਦ ਨਾਲ ਸਿੱਧਾ ਵਿਰੋਧ ਹੈ। ਉਨ੍ਹਾਂ ਕਿਹਾ ਕਿ ਐਨ.ਈ.ਪੀ—2020 ਅਤੇ ਐਨ.ਸੀ.ਐਫ ਦੋਵੇਂ ਹੀ ਬੱਚਿਆਂ ਲਈ ਲਚਕੀਲੇ ਪਾਠਕ੍ਰਮ, ਮਾਤ ਭਾਸ਼ਾ ਅਧਾਰਿਤ ਸਿੱਖਿਆ ਅਤੇ ਆਰ3 ਦੇ ਸਿਧਾਂਤਾਂ ਨੂੰ ਉਤਸ਼ਾਹਿਤ ਕਰਦੇ ਹਨ, ਜਿਸ ਅਨੁਸਾਰ ਵਿਦਿਆਰਥੀਆਂ ਨੂੰ ਆਪਣੀ ਰੁਚੀ ਅਤੇ ਸਥਾਨਕ ਭਾਸ਼ਾਈ ਪਿਛੋਕੜ ਦੇ ਅਨੁਸਾਰ ਵਿਸ਼ਿਆਂ ਦੀ ਚੋਣ ਦੀ ਆਜ਼ਾਦੀ ਹੈ ਪਰ ਆਰਮੀ ਐਜੂਕੇਸ਼ਨ ਸੁਸਾਇਟੀ ਵੱਲੋਂ ਸਿੱਖਿਆ ਨੀਤੀ ਦੀ ਭਾਵਨਾ ਨੂੰ ਵੀ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਮਾਪਿਆਂ ਵੱਲੋਂ ਵੀ ਇਸ ਮਾਮਲੇ ’ਤੇ ਗੰਭੀਰ ਚਿੰਤਾ ਜਤਾਈ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਚੌਥੇ ਬਦਲ ਵਜੋਂ ਰੱਖਿਆ ਗਿਆ ਹੈ ਅਤੇ ਜੇਕਰ 15 ਤੋਂ ਘੱਟ ਵਿਦਿਆਰਥੀ ਪੰਜਾਬੀ ਚੁਣਦੇ ਹਨ ਤਾਂ ਸਕੂਲ ਪੰਜਾਬੀ ਅਧਿਆਪਕ ਦੀ ਨਿਯੁਕਤੀ ਵੀ ਨਹੀਂ ਕਰੇਗਾ, ਅਜਿਹੇ ਹਾਲਾਤ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਘਰ ਬੈਠ ਕੇ ਪੜ੍ਹਨ ਲਈ ਮਜਬੂਰ ਹੋਣਾ ਪਵੇਗਾ। ਇਹ ਨੀਤੀ ਸਪੱਸ਼ਟ ਤੌਰ ’ਤੇ ਵਿਦਿਆਰਥੀਆਂ ਦੀ ਭਾਸ਼ਾਈ ਵਿਕਲਪ ਸਿੱਖਿਆ ਨੀਤੀ ਨਾਲ ਵਿਤਕਰਾ ਕਰਦੀ ਹੈ। ਲੇਖਕ ਆਗੂਆਂ ਨੇ ਦੱਸਿਆ ਕਿ ਮੰਗ ਵੀ ਕੀਤੀ ਸੀ ਪਰ ਪੰਜਾਬ ਸਰਕਾਰ ਇਸ ਅਨਿਆਂ ਵਿਰੁੱਧ ਸਖ਼ਤੀ ਨਾਲ ਕਦਮ ਚੁੱਕੇ ਅਤੇ ਸੀ.ਬੀ.ਐਸ.ਈ. ਨੂੰ ਮਜਬੂਰ ਕਰਨ ਕਿ ਉਸ ਨਾਲ ਸਬੰਧਤ ਸਾਰੇ ਸਕੂਲ ਭਾਸ਼ਾ ਨੀਤੀ ਅਤੇ ਸਿੱਖਿਆ ਨੀਤੀ ਦੇ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਕਲਾਪੀਠ ਨੇ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਸਥਿਤ ਸਾਰੇ ਆਰਮੀ ਸਕੂਲਾਂ ਵਿੱਚ ਪੰਜਾਬ ਦੇ ਬੱਚਿਆਂ ਲਈ ਪੰਜਾਬੀ ਭਾਸ਼ਾ ਦੀ ਲਾਜ਼ਮੀ ਪੜ੍ਹਾਈ ਨੂੰ ਯਕੀਨੀ ਬਣਾਇਆ ਜਾਵੇ। ਸੰਸਥਾ ਨੇ ਪੰਜਾਬ ਦੀਆਂ ਸਮੂਹ ਸਾਹਿਤਿਕ, ਸੱਭਿਆਚਾਰਕ, ਲੋਕ ਪੱਖੀ ਸੰਸਥਾਵਾਂ, ਵਿਦਿਆਰਥੀ ਜਥੇਬੰਦੀਆਂ, ਅਧਿਆਪਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਵਿੱਚੋਂ ਪੰਜਾਬੀ ਨੂੰ ਪੜ੍ਹਾਅ ਵਾਰ ਖ਼ਤਮ ਕਰਨ ਦੀਆਂ ਇਨ੍ਹਾਂ ਸਾਜ਼ਿਸ਼ਾਂ ਨੂੰ ਨਾਕਾਮ ਕਰਨ ਲਈ ਸਭ ਸਿਰ ਜੋੜ ਕੇ ਬੈਠੀਏ ਅਤੇ ਭਵਿੱਖ ਲਈ ਕੋਈ ਨਰੋਈ ਰਣਨੀਤੀ ਉਲੀਕੀਏ ਤਾਂ ਕਿ ਪੰਜਾਬੀ ਬੋਲੀ ਤੇ ਲਗਾਤਾਰ ਹੁੰਦੇ ਹਮਲਿਆਂ ਦਾ ਮੂੰਹਤੋੜ ਜਵਾਬ ਦਿੱਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦੇ ਪੜ੍ਹਿਆਂ ਨੇ ਸਕੂਲ ਦਾ ਨਾਮ ਕੀਤਾ ਰੌਸ਼ਨ, ਪ੍ਰਭਮੀਤ ਸਿੰਘ ਸਾਮਾ ਨੇ 95 ਪ੍ਰਤੀਸ਼ਤ ਅੰਕ ਹਾਸਲ ਕੀਤੇ




ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :— ਗਰਾਮਰ ਸੀਨੀਅਰ ਸੈਕੰਡਰੀ ਸਕੂਲ ਦਾ ਇਸ ਵਾਰ ਬਾਹਰਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਨਾ ਸਿਰਫ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ, ਸਗੋਂ ਸਕੂਲ ਦੀ ਸਾਖ ਨੂੰ ਵੀ ਹੋਰ ਮਜ਼ਬੂਤ ਕੀਤਾ। ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਹਿਣ ਨਾਲ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਨਤੀਜੇ ਐਲਾਨ ਹੋਣ ਮਗਰੋਂ ਸਕੂਲ ਵਿੱਚ ਜਸ਼ਨ ਵਰਗਾ ਮਾਹੌਲ ਬਣ ਗਿਆ।

ਗੱਲਬਾਤ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦੇ ਹੋਣਹਾਰ ਵਿਦਿਆਰਥੀ ਪ੍ਰਭਮੀਤ ਸਿੰਘ ਸਾਮਾ ਨੇ 95 ਪ੍ਰਤੀਸ਼ਤ ਅੰਕ ਹਾਸਲ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ, ਇਸ ਤੋਂ ਇਲਾਵਾ ਵਿਦਿਆਰਥਣ ਮੰਨਤ ਨੇ 91 ਪ੍ਰਤੀਸ਼ਤ ਅਤੇ ਵਿਦਿਆਰਥਣ ਸਾਕਸ਼ੀ ਨੇ 89 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ ਨਾਲ ਮਾਪਿਆਂ ਵਿੱਚ ਵੀ ਖੁਸ਼ੀ ਅਤੇ ਮਾਣ ਦੀ ਭਾਵਨਾ ਦੇਖਣ ਨੂੰ ਮਿਲੀ ਅਤੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਦੀ ਮਿਹਨਤ ਤੇ ਲਗਨ ਦੀ ਖੂਬ ਪ੍ਰਸ਼ੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਕੂਲ ਦੇ ਪ੍ਰਬੰਧਕ ਹਰਚਰਨ ਸਿੰਘ ਸਾਮਾ ਨੇ ਪਾਸ ਹੋਏ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆ ਕਿਹਾ ਕਿ ਇਹ ਸੱਭ ਵਿਦਿਆਰਥੀਆਂ ਤੇ ਬੱਚਿਆਂ ਦੀ ਮੇਹਨਤ ਦਾ ਨਤੀਜਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਸੋਨੀਆ ਰਾਣਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਬੱਚਿਆਂ ਦੀ ਕਠਿਨ ਮਿਹਨਤ, ਅਧਿਆਪਕਾਂ ਦੀ ਨਿਰੰਤਰ ਰਹਿਨੁਮਾਈ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾਂ ਹੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਿਤ ਕਰਦਾ ਰਹੇਗਾ। ਇਸ ਦੌਰਾਨ ਮੈਡਮ ਇੰਦੂ ਸ਼ਰਮਾ, ਰਾਜਬੀਰ ਸਿੰਘ, ਦਿਵਿਆ ਸ਼ਰਮਾ, ਸ਼ਾਲੂ, ਜੋਤੀ, ਸੰਗੀਤਾ ਅਤੇ ਮਾਨਵੀ ਸਮੇਤ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ। ਸਟਾਫ ਨੇ ਵਿਦਿਆਰਥੀਆਂ ਨੂੰ ਮਿਠਾਈ ਖਵਾ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਦਸਮੇਸ਼ ਪਬਲਿਕ ਸਕੂਲ ਫਿਰੋਜ਼ਪੁਰ ਦੇ ਵਿਦਿਆਰਥੀਆਂ ਨੇ 12ਵੀਂ ਦੀਆਂ ਪ੍ਰੀਖਿਆਵਾਂ ਵਿੱਚ ਗੱਡੇ ਸਫਲਤਾ ਦੇ ਝੰਡੇ

## ਯਸ਼ਵੀ ਨੇ ਪੰਜਾਬੀ ’ਚੋਂ 100 ਪ੍ਰਤੀਸ਼ਤ ਅੰਕਾਂ ਕੀਤੇ ਪ੍ਰਾਪਤ

ਫ਼ਿਰੋਜ਼ਪੁਰ, 16 ਮਈ (ਮਨੋਹਰ ਲਾਲ) :— ਅਕਾਦਮਿਕ ਖੇਤਰ ਵਿਚ ਵੱਡੀ ਮੱਲ ਮਾਰਦਿਆਂ ਦਸਮੇਸ਼ ਪਬਲਿਕ ਸਕੂਲ ਫਿਰੋਜ਼ਪੁਰ ਸ਼ਹਿਰ ਦੇ ਵਿਦਿਆਰਥੀਆਂ ਨੇ ਸੀ.ਬੀ.ਐਸ.ਈ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਬੰਧਕਾਂ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸੰਸਥਾ ਦੇ ਕਈ ਵਿਦਿਆਰਥੀਆਂ ਨੇ 96 ਪ੍ਰਤੀਸ਼ਤ ਤੋਂ ਵੱਧ ਅੰਕ ਅਤੇ ਵੱਖ—ਵੱਖ ਵਿਸ਼ਿਆਂ ਵਿਚ 100 ਫੀਸਦੀ ਅੰਕ ਪ੍ਰਾਪਤ ਕਰਕੇ ਇਕ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ।



ਨਤੀਜਿਆਂ ਦੀ ਘੋਸ਼ਣਾ ਹੁੰਦਿਆਂ ਹੀ ਦਸਮੇਸ਼ ਪਬਲਿਕ ਸਕੂਲ ਦੀ ਇਸ ਸ਼ਾਨਦਾਰ ਸਫਲਤਾ ’ਤੇ ਵਿਦਿਆਰਥੀਆਂ ਦੇ ਚਿਹਰਿਆਂ ’ਤੇ ਖੁਸ਼ੀ ਦੇਖਣਯੋਗ ਸੀ, ਜਦੋਂ ਕਿ ਅਧਿਆਪਕ ਅਤੇ ਮਾਪੇ ਆਪਣੇ ਬੱਚਿਆਂ ਦੀ ਇਸ ਬੇਮਿਸਾਲ ਪ੍ਰਾਪਤੀ ’ਤੇ ਮਾਣ ਮਹਿਸੂਸ ਕਰ ਰਹੇ ਸਨ। ਸਕੂਲ ਪ੍ਰਬੰਧਕਾਂ ਮੁਤਾਬਕ ਇਹ ਇਤਿਹਾਸਕ ਪ੍ਰਾਪਤੀ ਵਿਦਿਆਰਥੀਆਂ ਦੀ ਦਿਨ—ਰਾਤ ਦੀ ਅਣਥੱਕ ਮਿਹਨਤ, ਯੋਗ ਫੈਕਲਟੀ ਮੈਂਬਰਾਂ ਦੀ ਬਿਹਤਰੀਨ ਅਗਵਾਈ ਅਤੇ ਮਾਪਿਆਂ ਦੇ ਨਿਰੰਤਰ ਸਹਿਯੋਗ ਸਦਕਾ ਹੀ ਸੰਭਵ ਹੋ ਸਕੀ ਹੈ। ਸਕੂਲ ਪ੍ਰਿੰਸੀਪਲ ਡਾ: ਜਸਮਿੰਦਰ ਸਿੰਘ ਸੰਧੂ ਨੇ ਨਤੀਜਿਆਂ ਦੇ ਵੇਰਵੇ ਸਾਂਝੇ ਕਰਦਿਆਂ ਬੇਹੱਦ ਮਾਣ ਨਾਲ ਐਲਾਨ ਕੀਤਾ ਕਿ ਪ੍ਰੀਖਿਆ ਵਿਚ ਬੈਠਣ ਵਾਲੇ ਸਾਰੇ 38 ਵਿਦਿਆਰਥੀਆਂ ਨੇ ਸ਼ਾਨਦਾਰ ਅੰਕਾਂ ਨਾਲ ਸਫਲਤਾ ਹਾਸਲ ਕੀਤੀ ਹੈ। ਸੰਸਥਾ ਨੇ ਵਿਗਿਆਨ, ਵਣਜ ਅਤੇ ਮਨੁੱਖਤਾ ਦੇ ਤਿੰਨੋਂ ਵਿਸ਼ਿਆਂ ਵਿੱਚ ਆਪਣੀ ਸਰਵੋਤਮ ਕਾਰਗੁਜ਼ਾਰੀ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਵਿਸ਼ੇਸ਼ ਤੌਰ ’ਤੇ ਦੱਸਿਆ ਕਿ ਮਨੁੱਖਤਾ ਸਟਰੀਮ ਦੇ ਵਿਦਿਆਰਥੀਆਂ ਨੇ ਪੰਜਾਬੀ ਵਿਸ਼ੇ ਵਿਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਇਸ ਵਿਸ਼ੇ ਵਿਚ ਯਸ਼ਵੀ ਨੇ ਸੰਪੂਰਨ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਗੁਰਲੀਨ ਕੌਰ ਨੇ 99 ਪ੍ਰਤੀਸ਼ਤ ਅੰਕ, ਪ੍ਰਿਯਾਂਸ਼ੀ ਬਜਾਜ ਨੇ 98 ਪ੍ਰਤੀਸ਼ਤ ਅੰਕ, ਪ੍ਰਣਵੀ ਨੇ 96 ਅੰਕ, ਮਾਨਸ ਨੇ 95 ਪ੍ਰਤੀਸ਼ਤ ਅੰਕ ਲੈ ਕੇ ਸਕੂਲ ਦਾ ਨਾਮ ਚਮਕਾਇਆ। ਇਸੇ ਤਰ੍ਹਾਂ ਅੰਗਰੇਜ਼ੀ ਵਿਸ਼ੇ ਵਿੱਚ ਵੀ ਵਿਦਿਆਰਥੀਆਂ ਦਾ ਨਤੀਜਾ ਬੇਮਿਸਾਲ ਰਿਹਾ, ਸੰਚਿਤਾ ਸੁਮਨ, ਪ੍ਰਿਯਾਂਸ਼ੀ ਬਜਾਜ ਅਤੇ ਪ੍ਰਤਿਸ਼ਠਾ ਨੇ 98 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ, ਜਦੋਂ ਕਿ ਅਨੋਖੀ ਪਰੀ, ਰਿਸ਼ਵ ਸੋਭਤ ਅਤੇ ਮੌਲੀ ਨੇ 96 ਪ੍ਰਤੀਸ਼ਤ ਅੰਕ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਾਇਆ। ਇਸ ਤੋਂ ਇਲਾਵਾ ਆਧੁਨਿਕ ਵਿਸ਼ਿਆਂ ਵਿਚ ਵੀ ਬੱਚਿਆਂ ਨੇ ਮੱਲਾਂ ਮਾਰੀਆਂ, ਜਿਸ ਵਿਚ ਰਿਆਜ਼ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਵਿਚ 99 ਅੰਕ ਅਤੇ ਚਿਰਾਗ ਨੇ ਪੇਂਟਿੰਗ ਵਿਸ਼ੇ ਵਿਚ 97 ਅੰਕ ਪ੍ਰਾਪਤ ਕੀਤੇ। ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਡਾ: ਜਸਮਿੰਦਰ ਸਿੰਘ ਸੰਧੂ ਨੇ ਕਿਹਾ ਸਾਨੂੰ ਆਪਣੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ’ਤੇ ਬਹੁਤ ਜ਼ਿਆਦਾ ਮਾਣ ਹੈ। ਸੀ.ਬੀ.ਐਸ.ਈ ਵਰਗੀਆਂ ਅਤਿ—ਮੁਕਾਬਲੇ ਵਾਲੀਆਂ ਬੋਰਡ ਪ੍ਰੀਖਿਆਵਾਂ ਵਿਚ 96 ਫੀਸਦੀ ਤੋਂ ਵੱਧ ਅੰਕ ਹਾਸਲ ਕਰਨਾ ਕੋਈ ਮਾਮੂਲੀ ਗੱਲ ਨਹੀਂ ਹੈ, ਇਹ ਸਾਡੇ ਸਮਰਪਿਤ ਅਧਿਆਪਕਾਂ ਦੀ ਮਿਹਨਤ ਅਤੇ ਮਾਪਿਆਂ ਦੇ ਅਟੁੱਟ ਵਿਸ਼ਵਾਸ ਦਾ ਹੀ ਨਤੀਜਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਹੋਣਹਾਰ ਨੌਜਵਾਨਾਂ ਨੇ ਸਕੂਲ ਲਈ ਸਫਲਤਾ ਦਾ ਇਕ ਨਵਾਂ ਮਾਪਦੰਡ ਸਥਾਪਤ ਕਰ ਦਿੱਤਾ ਹੈ, ਅਸੀਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਇਹ ਸ਼ਾਨਦਾਰ ਨਤੀਜੇ ਸਕੂਲ ਦੇ ਜੂਨੀਅਰ ਵਿਦਿਆਰਥੀਆਂ ਲਈ ਇਕ ਵੱਡੀ ਪ੍ਰੇਰਨਾ ਵਜੋਂ ਕੰਮ ਕਰਨਗੇ, ਤਾਂ ਜੋ ਉਹ ਵੀ ਆਉਣ ਵਾਲੇ ਸਮੇਂ ਵਿਚ ਇਸ ਤੋਂ ਵੀ ਉੱਚੇ ਟੀਚੇ ਸਰ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV


### ਦਮਦਮੀ ਟਕਸਾਲ ਨੇ

# ਪਿੰਡ ਲਾਲਪੁਰਾ ਗੁਰਦਾਸਪੁਰ ਵਿਖੇ ਸਜਾਏ ਸ਼ਹੀਦੀ ਦੀਵਾਨ

**ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਦਮਦਮੀ ਟਕਸਾਲ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ ’ਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਇਤਿਹਾਸ ਦੀ ਲੜੀਵਾਰ ਕਥਾ ਸਰਵਨ ਕਰਵਾਈ**












**ਚੌਂਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ ’84 (ਤੀਸਰਾ ਘੱਲੂਘਾਰਾ) ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਨੂੰ ਤਾਜਾ ਕਰਨ ਲਈ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਵੱਖ ਵੱਖ ਨਗਰਾਂ ਵਿਚ ਰੋਜਾਨਾਂ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ, ਜਿਸ ਦੇ ਚਲਦਿਆਂ ਅੱਜ ਪਿੰਡ ਲਾਲਪੁਰਾ ਗੁਰਦਾਸਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਜਿਸ ਦੌਰਾਨ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਦਮਦਮੀ ਟਕਸਾਲ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ ’ਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਇਤਹਾਸ ਦੀ ਲੜੀਵਾਰ ਕਥਾ ਸਰਵਨ ਕਰਵਾਈ। ਅਤੇ ਸਟੇਜ ਦਾ ਸੰਚਾਲਨ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਰਸਮਈ ਕੀਰਤਨ ਸਰਵਣ ਕਰਵਾਇਆ। ਅਖੀਰ ਵਿੱਚ ਪ੍ਰਬੰਧਕਾਂ ਦੇ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਤਿਕਾਰ ਵਿਚ ਦੁਸ਼ਾਲਾ ਭੇਟ ਕੀਤਾ ਗਿਆ। ਜਿਕਰਯੋਗ ਹੈ ਕਿ 31 ਮਈ ਨੂੰ ਇਨ੍ਹਾਂ ਸ਼ਹੀਦੀ ਦੀਵਾਨਾਂ ਦੀ ਸਮਾਪਤੀ ਹੋਵੇਗੀ। ਉਪਰੰਤ 1 ਤੋਂ 5 ਜੂਨ ਤਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਹੀਦੀ ਹਫਤੇ ਦੌਰਾਨ ਦੌਰਾਨ ਰੋਜਾਨਾ ਸ਼ਾਮ 4 ਤੋਂ 6 ਵਜੇ ਤੱਕ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚਲੇਗਾ। 6 ਜੂਨ ਨੂੰ 42ਵਾਂ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ ਮਨਾਇਆ ਜਾਵੇਗਾ, ਜਿਸ ਦੌਰਾਨ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦਾ ਲਾਮਿਸਾਲ ਪੰਥਕ ਇਕੱਠ ਹੋਵੇਗਾ ਅਤੇ ਪ੍ਰਮੁੱਖ ਧਾਰਮਿਕ ਹਸਤੀਆਂ ਤੇ ਸੰਗਤਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ। ਇਸ ਮੌਕੇ ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ,ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ,ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਜੁਝਾਰ ਸਿੰਘ, ਸਰਪੰਚ ਕਸ਼ਮੀਰ ਸਿੰਘ ਕਾਲਾ ਮਹਿਤਾ,ਭਾਈ ਪ੍ਰਭਜੀਤ ਸਿੰਘ ਤੇ ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੇਂਟ ਸੋਲਜਰ ਦੇ ਵਿਦਿਆਰਥੀਆਂ ਦਾ

# ਸੀਬੀਐਸਈ ਬੋਰਡ ਦੀ ਬਾਰਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਦਰਸ਼ਨ



**ਜੰਡਿਆਲਾ ਗੁਰੂ, 16 ਮਈ( ਕੁਲਵੰਤ ਸਿੰਘ ਵਿਰਦੀ**)-ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਵਿੱਚ ਖੁਸ਼ੀ ਅਤੇ ਮਾਣ ਦੀ ਲਹਿਰ ਦੌੜ ਗਈ ਕਿਉਂਕਿ ਸਕੂਲ ਦੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਸੀਬੀਐਸਈ ਬੋਰਡ ਦੀ ਪ੍ਰੀਖਿਆ ਵਿੱਚੋਂ ਸ਼ਾਨਦਾਨ ਨਤੀਜੇ ਹਾਸਿਲ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਨੇ ਇੱਕ ਵਾਰ ਫਿਰ ਸ਼ਾਨਦਾਰ 100% ਬੋਰਡ ਨਤੀਜੇ ਪ੍ਰਾਪਤ ਕਰਕੇ ਆਪਣੀ ਗੁਣਵੱਤਾ ਵਾਲੀ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਾਲੀ ਵਚਨਬਧਤਾ ਨੂੰ ਫਿਰ ਸਾਬਿਤ ਕੀਤਾ ਸਕੂਲ ਦੇ ਬਾਰਵੀਂ ਜਮਾਤ ਦੇ ਕਮਰਸ ਸੈਕਸ਼ਨ ਵਿੱਚ ਪ੍ਰਭਰੀਤ ਕੌਰ ਨੇ 95.2% , ਜਸਪਿੰਦਰ ਕੌਰ ਨੇ 94.6% ਅਤੇ ਅਮਿਤ ਵੀਰ ਨੇ 92% ਨੰਬਰ ਹਾਸਲ ਕੀਤੇ ।ਇਸੇ ਤਰ੍ਹਾਂ ਸਾਇੰਸ ਸਟਰੀਮ ਵਿੱਚ ਪ੍ਰਸ਼ਾਂਤ ਕੁਮਾਰ ਨੇ 92.4%, ਅਵਨੀਤ ਕੌਰ ਨੇ 92% ਅਤੇ ਸਮਰਬੀਰ ਸਿੰਘ ਨੇ 88.6% ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਆਪਣੀ ਖੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਵਿਦਿਆਰਥੀਆਂ ਦੀ ਲਗਨ ਅਤੇ ਮਿਹਨਤ ਅਤੇ ਸਮਰਪਿਤ ਅਧਿਆਪਕਾਂ ਦੀ ਮਿਹਨਤ ਦੀ ਗਵਾਹੀ ਭਰਦੇ ਹਨ ਉਹਨਾਂ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਦੇ ਹਰ ਪੜਾਅ ਤੇ ਵਿਸ਼ਵਾਸ ਅਤੇ ਦ੍ਰਿੜਤਾ ਨਾਲ ਸਖਤ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਕਿਹਾ ਕਿ ਅਜਿਹੇ ਨਤੀਜੇ ਸਕੂਲ ਦੁਆਰਾ ਵਿਦਿਆਰਥੀਆਂ ਦਾ ਸਹੀ ਮਾਰਗਦਰਸ਼ਨ ਅਤੇ ਨਿਰੰਤਰ ਸਖਤ ਮਿਹਨਤ ਦਾ ਨਤੀਜਾ ਹਨ। ਉਹਨਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖਤ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਸਕੂਲ ਬੁਲਾਇਆ ਗਿਆ। ਪੂਰੇ ਸਕੂਲ ਅਤੇ ਮਾਪਿਆਂ ਨੇ ਇਸ ਮਾਣਮੱਤੀ ਪ੍ਰਾਪਤੀ ਦਾ ਜਸ਼ਨ ਬਹੁਤ ਉਤਸਾਹ ਨਾਲ ਮਨਾਇਆ ਅਤੇ ਸਾਰੇ ਵਿਦਿਆਰਥੀਆਂ ਦੇ ਉਜਵਲ ਅਤੇ ਸਫਲ ਭਵਿੱਖ ਦੀ ਕਾਮਨਾ ਕੀਤੀ। ਇਸ ਖੁਸ਼ੀ ਵਿੱਚ ਸਕੂਲ ਵੱਲੋਂ ਵਿਦਿਆਰਥੀਆਂ ਉਨਾਂ ਦੇ ਮਾਪਿਆਂ ਅਤੇ ਅਧਿਆਪਕਾਂ ਲਈ ਚਾਹ ਪਾਰਟੀ ਵੀ ਰੱਖੀ ਗਈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਨਿਲਾਕਸੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

**ਸ਼ਾਨਦਾਰ ਨਤੀਜੇ ਵਿਦਿਆਰਥੀਆਂ ਦੀ ਲਗਨ ,ਮਿਹਨਤ ਅਤੇ ਅਧਿਆਪਕਾਂ ਦੀ ਮਿਹਨਤ ਦੀ ਗਵਾਹੀ ਭਰਦੇ ਡਾ: ਮੰਗਲ ਸਿੰਘ ਕਿਸ਼ਨਪੁਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰ ਦੀਆਂ ਮਨਮਾਨੀਆਂ ਖਿਲਾਫ ਬੀਜੇਪੀ ਨੇ

# ਮੁੱਖ ਮੰਤਰੀ ਦਫਤਰ ਅੱਗੇ ਦਿੱਤਾ ਧਰਨਾ



**ਧੂਰੀ ( ਰਣਜੀਤ ਸਿੰਘ ਪੇਧਨੀ** )-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਦੇ ਅੱਗੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਅਤੇ ਬੀਜੇਪੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਸਰਕਾਰ ਦੀਆਂ ਮਨਮਾਨੀਆਂ ਖਿਲਾਫ ਧਰਨਾ ਦਿੱਤਾ ਗਿਆ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਹ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਾਡੇ ਵੱਖ-ਵੱਖ ਵਾਰਡਾਂ ਦੇ ਵਿੱਚ ਖੜੇ ਐਮਸੀ ਦੀਆਂ ਚੋਣਾਂ ਲੜ ਰਹੇ ਬੀਜੇਪੀ ਦੇ ਉਮੀਦਵਾਰਾਂ ਨੂੰ ਤੰਗ ਪਰੇਸ਼ਾਨ ਕਰ ਰਹੀ ਹੈ। ਆਗੂ ਨੇ ਕਿਹਾ ਕਿ ਜੇਕਰ ਸਾਡੇ ਉਮੀਦਵਾਰਾਂ ਨੂੰ ਤੰਗ ਪਰੇਸ਼ਾਨ ਕਰਨਾ ਨਾ ਬੰਦ ਕੀਤਾ ਤਾਂ ਉਹ ਕੱਲ ਨੂੰ ਜ਼ਿਲ ਪੱਧਰ ਅਤੇ ਪਰਸੋਂ ਨੂੰ ਪੰਜਾਬ ਪੱਧਰ ਦਾ ਧਰਨਾ ਦਿੱਤਾ ਜਾਵੇਗਾ।

ਇਸ ਮੌਕੇ ਅਮਨਦੀਪ ਸਿੰਘ ਪੂਨੀਆ, ਆਸੀਸ ਗਰਗ ਮੰਡਲ ਪ੍ਰਧਾਨ, ਸੁਖਪਾਲ ਸਿੰਘ ਕਾਂਝਲਾ ਸਰਕਲ ਪ੍ਰਧਾਨ, ਪਰਦੀਪ ਗਰਗ, ਬਰਜੇਸ਼ਵਰ ਗੋਇਲ, ਜਗਦੇਵ ਜਿੰਦਲ ਜੱਗਾ, ਭੁਪੇਸ਼ ਜਿੰਦਲ, ਪਰਮਜੀਤ ਸਿੰਘ ਭਿੰਦੀ, ਪੁੰਨੂ ਵਲਜੋਤ, ਸੋਨੀ ਬਾਂਗਰੂ, ਮਿੱਠੂ ਐਮ. ਸੀ., ਨਪਿੰਦਰ ਸਿੰਘ ਗੋਰਾ ਐਮਸੀ ਤੋਂ ਇਲਾਵਾ ਬੀਜੇਪੀ ਦੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਕੌਮੀ ਡੇਂਗੂ ਦਿਵਸ ਮਨਾਇਆ ਗਿਆ



ਤਲਵੰਡੀ ਸਾਬੋ, 16 ਮਈ (ਗੁਰਜੰਟ ਸਿੰਘ ਨਥੇਹਾ)- ਅੱਜ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ, ਜਿਲ੍ਹਾ ਸਿਹਤ ਅਫਸਰ ਡਾ: ਉਸ਼ਾ ਗੋਇਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਡਾ. ਰਵੀ ਕਾਂਤ ਗੁਪਤਾ ਸੀਨੀਅਰ ਮੈਡੀਕਲ ਅਫਸਰ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੀ ਰਹਿਨੁਮਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਦੀ ਟੀਮ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਕੌਮੀ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਸ਼੍ਰੀ ਅਮਨਦੀਪ ਸਿੰਘ ਮਲਟੀਪਰਪਜ਼ ਹੈਲਥ ਵਰਕਰ ਨੇ ਦੱਸਿਆ ਕਿ ਡੇਂਗੂ ਬੁਖਾਰ, ਸਿਰ ਦਰਦ, ਮਾਸ-ਪੇਸ਼ੀਆਂ ਵਿੱਚ ਦਰਦ, ਚਮੜੀ ਤੇ ਦਾਣੇ ਹੋਣੇ, ਅੱਖਾਂ ਦੇ ਪਿਛਲੇ ਪਾਸੇ ਦਰਦ ਅਤੇ ਮਰੀਜ਼ਾਂ ਦੇ ਨੱਕ ਵਿੱਚੋਂ ਖੂਨ ਵਗਣਾ ਡੇਂਗੂ ਬੁਖਾਰ ਦੇ ਲੱਛਣ ਹਨ। ਵਿਦਿਆਰਥੀਆਂ ਨੂੰ ਇਨ੍ਹਾਂ ਹਾਲਤਾਂ ਵਿੱਚ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ। ਇਸ ਦੌਰਾਨ ਉਹਨਾਂ ਦੱਸਿਆ ਕਿ ਬਰਸਾਤੀ ਮੌਸਮ ਦੌਰਾਨ ਡੇਂਗੂ/ਮਲੇਰੀਆ ਦਾ ਮੱਛਰ ਪੈਦਾ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ ਕਿਉਂਕਿ ਇਹ ਮੱਛਰ ਸਾਫ ਖੜੇ ਪਾਣੀ ਵਿੱਚ ਪੈਦਾ ਹੁੰਦੇ ਹਨ। ਇਸ ਕਰਕੇ ਸਾਨੂੰ ਕਿਤੇ ਵੀ ਪਾਣੀ ਖੜਾ ਨਹੀਂ ਹੋਣ ਦੇਣਾ ਚਾਹੀਦਾ। ਟਾਇਰ ਮਿੱਟੀ ਨਾਲ ਭਰ ਦੇਣੇ ਚਾਹੀਦੇ ਹਨ। ਪੰਜਾਬ ਸਰਕਾਰ ਵੱਲੋਂ ਮੱਛਰਾਂ ਨੂੰ ਭਜਾਉਣ ਤੇ ਪੂਰੀ ਤਰ੍ਹਾਂ ਜ਼ੋਰ ਦਿੱਤਾ ਗਿਆ ਹੈ। ਸਾਨੂੰ ਹਰ ਮੱਛਰਕਾਰ ਨੂੰ ਆਪਣੇ ਘਰਾਂ ਦੇ ਕੂਲਰ, ਫਰਿੱਜਾਂ ਦੀਆਂ ਟਰੇਆਂ, ਪਾਣੀ ਦੀਆਂ ਹੋਦੀਆਂ ਨੂੰ ਸੁਕਾਉਣ ਉਪਰੰਤ ਸਾਫ ਕਰਨਾ ਚਾਹੀਦਾ ਹੈ। ਉਹਨਾਂ ਅੱਗੇ ਦੱਸਿਆ ਕਿ ਇਹ ਮੱਛਰ ਸਿਰਫ ਦਿਨ ਵੇਲੇ ਹੀ ਕੱਟਦਾ ਹੈ ਇਸ ਲਈ ਕੱਪੜੇ ਅਜਿਹੇ ਪਾਓ ਕਿ ਸਾਰਾ ਸਰੀਰ ਢੱਕਿਆ ਰਹੇ। ਸੌਣ ਵੇਲੇ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਕਿ ਮੱਛਰ ਨਾ ਕੱਟ ਸਕੇ। ਛੱਤਾਂ ਉਪਰ ਪਾਣੀ ਵਾਲੀਆਂ ਟੈਂਕੀਆਂ ਢੱਕ ਕੇ ਰੱਖਣੀਆਂ ਚਾਹੀਦੀਆਂ ਹਨ, ਘਰਾਂ ਵਿੱਚ ਫਾਲਤੂ ਟੁੱਟੇ ਬਰਤਨ, ਟਾਇਰ, ਬੋਤਲਾਂ ਆਦਿ ਨੂੰ ਖੁੱਲੇ ਵਿੱਚ ਨਹੀਂ ਰੱਖਣਾ ਚਾਹੀਦਾ। ਪੰਜਾਬ ਸਰਕਾਰ ਵੱਲੋਂ ਡੇਂਗੂ ਦਾ ਟੈਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਰਕਾਰੀ ਹਸਪਤਾਲ ਨਾਲ ਸੰਪਰਕ ਕਰਨਾ ਚਾਹੀਦਾ ਹੈ। ਉਹਨਾਂ ਹੋਰ ਦੱਸਿਆ ਕਿ ਸਿਹਤ ਵਿਭਾਗ ਦੇ ਸਟਾਫ ਵੱਲੋਂ ਲੋਕਾਂ ਦੇ ਘਰ-ਘਰ ਜਾ ਕੇ ਗਰਭਵਤੀ ਔਰਤਾਂ ਤੋਂ ਬਚਾਅ ਦੇ ਨਾਲ ਨਾਲ ਡੇਂਗੂ/ਮਲੇਰੀਆ ਬੁਖਾਰ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਮੌਕੇ ਸ਼੍ਰੀਮਤੀ ਰਮਨਦੀਪ ਕੌਰ ਸੀ.ਐਚ.ਓ, ਸ਼੍ਰੀਮਤੀ ਪਰਮਜੀਤ ਕੌਰ ਮ.ਪ.ਹ.ਵ, ਸ਼੍ਰੀ ਗੁਰਪ੍ਰੀਤ ਸਿੰਘ ਮ.ਪ.ਹ.ਵ, ਸ਼੍ਰੀ ਹਰਪਾਲ ਸਿੰਘ ਮ.ਪ.ਹ.ਵ ਅਤੇ ਸ਼੍ਰੀ ਗੁਰਮੇਲ ਸਿੰਘ ਮ.ਪ.ਹ.ਵ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਚੇਅਰਮੈਨ ਘੁੱਲੀ ਨੇ ਵਾਰਡ ਨੰਬਰ 7 ਤੋਂ ਆਪ ਉਮੀਦਵਾਰ ਸਿਮਰਨ ਕੌਰ ਦੇ ਦਫਤਰ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ** )-ਪਿਛਲੇ ਲੰਮੇ ਸਮੇਂ ਤੋਂ ਵਾਰਡ ਨੰਬਰ 7 ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਜੁਗਨੂੰ ਧਾਲੀਵਾਲ ਦੀ ਧਰਮ ਪਤਨੀ ਸਿਮਰਨ ਕੌਰ 7 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਕਾਗਜ਼ ਦਾਖਲ ਕੀਤੇ ।ਕਾਗਜ ਦਾਖਲ ਕਰਨ ਉਪਰੰਤ ਉਹਨਾਂ ਆਪਣੇ 7 ਨੰਬਰ ਵਾਰਡ ਵਿੱਚ ਦਫਤਰ ਦਾ ਉਦਘਾਟਨ ਕੀਤਾ ਗਿਆ। ਦਫਤਰ ਦਾ ਉਦਘਾਟਨ ਕਰਨ ਦੇ ਲਈ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ 7 ਨੰਬਰ ਵਾਰਡ ਦੇ ਵਿੱਚ ਮੱਖਣ ਕੁੱਕ ਦਾ ਪਰਿਵਾਰ ਪਿਛਲੇ ਲੰਬੇ ਸਮੇਂ ਤੋਂ ਵਾਰਡ ਦੀ ਸੇਵਾ ਕਰਦਾ ਆ ਰਿਹਾ ਹੈ, ਇਸ ਵਾਰ ਵੀ ਵਾਰਡ ਨੰਬਰ 7 ਦੇ ਵਾਸੀ 26 ਮਈ ਨੂੰ ਝਾੜੂ ਦਾ ਬਟਨ ਦਬਾ ਕੇ ਇਨ੍ਹਾਂ ਨੂੰ ਕਾਮਯਾਬ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਆਦਮੀ ਪਾਰਟੀ ਦੇ ਕੁਲ 15 ਵਾਰਡਾਂ ਵਿਚੋਂ 15 ਉਮੀਦਵਾਰਾਂ ਨੇ ਕੈਬਿਨਟ ਮੰਤਰੀ ਈ.ਟੀ.ਓ ਦੀ ਅਗਵਾਈ ਚ ਗੁ ਬਾਬਾ ਹੰਦਾਲ ਸਾਹਿਬ ਮੱਥਾ ਟੇਕਕੇ ਅੰਮ੍ਰਿਤਸਰ ਵਿਖੇ ਨਾਮਜਦਗੀ ਪੱਤਰ ਦਾਖਲ ਕਰਵਾਏ

**ਜੰਡਿਆਲਾ ਗੁਰੂ 16 ਮਈ ( ਕੁਲਵੰਤ ਸਿੰਘ ਵਿਰਦੀ** )-26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਲਈ ਵੱਖ ਵੱਖ ਰਾਜਨੀਤਿਕ ਪਾਰਟੀਆਂ ਵਲੋਂ ਨਾਮਜਦਗੀ ਪੱਤਰ ਦਾਖਲ ਕਰਵਾਏ ਜਾ ਰਹੇ ਹਨ । ਬੀਤੇ ਕਲ੍ਹ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਕੁਲ 15 ਵਾਰਡਾਂ ਵਿਚੋਂ 15 ਉਮੀਦਵਾਰਾਂ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਅਗਵਾਈ ਹੇਠ ਗੁ ਬਾਬਾ ਹੰਦਾਲ ਸਾਹਿਬ ਮੱਥਾ ਟੇਕਕੇ ਅੰਮ੍ਰਿਤਸਰ ਨਾਮਜਦਗੀ ਪੱਤਰ ਦਾਖਲ ਕਰਵਾਏ ਗਏ।



ਨਾਮਜਦਗੀ ਪੱਤਰ ਦਾਖਲ ਕਰਵਾਉਣ ਵਾਲਿਆਂ ਵਿਚੋਂ ਵਾਰਡ ਨੰਬਰ 12 ਤੋਂ ਨੌਜਵਾਨ ਆਗੂ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਨੇ ਆਮ ਆਦਮੀ ਪਾਰਟੀ ਵਲੋ ਕਾਗਜ ਦਾਖਿਲ ਕਰਵਾਏ । ਕਾਗਜ ਦਾਖਿਲ ਕਰਵਾਉਣ ਮੌਕੇ ਓਹਨਾਂ ਨਾਲ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਰਾਜਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ ਨਗਰ ਕੌਂਸਲ, ਪ੍ਰਭਜੋਤ ਸਿੰਘ ਮਲਹੋਤਰਾ ਆਦਿ ਹਾਜ਼ਰ ਸਨ। ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਨੇ ਕਿਹਾ ਕਿ ਉਹ ਪਿਛਲੇ ਚਾਰ ਸਾਲ ਦੌਰਾਨ ਪੰਜਾਬ ਸਰਕਾਰ ਵਲੋ ਕੀਤੀਆਂ ਪ੍ਰਾਪਤੀਆਂ ਨੂੰ ਘਰ ਘਰ ਪਹੁੰਚਾਕੇ ਵੋਟਾਂ ਹਾਸਲ ਕਰਨਗੇ । ਓਹਨਾਂ ਕਿਹਾ ਕਿ ਜੰਡਿਆਲਾ ਹਲਕੇ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਲੋ ਪੂਰੇ ਹਲਕੇ ਅਤੇ ਵਿਸ਼ੇਸ਼ ਤੌਰ ਤੇ ਜੰਡਿਆਲਾ ਸ਼ਹਿਰ ਵਿਚ ਕੀਤੇ ਗਏ ਅਥਾਹ ਵਿਕਾਸ ਸਬੰਧੀ ਕਿਸੇ ਨੂੰ ਦੱਸਣ ਦੀ ਲੋੜ ਨਹੀਂ, ਜਨਤਾ ਹੁਣ ਸਿਆਣੀ ਹੋ ਗਈ ਹੈ ਅਤੇ ਸ਼ਹਿਰ ਦਾ ਸੁਧਾਰ ਕਰਨ ਵਾਲਿਆਂ ਨੂੰ ਪਹਿਲ ਦੇ ਰਹੀ ਹੈ । ਮਲਹੋਤਰਾ ਨੇ ਕਿਹਾ ਕਿ ਵਾਰਡ ਨੰਬਰ 12 ਦੇ ਵੋਟਰ ਸਾਡਾ ਪੁਰਾਣਾ ਪਰਿਵਾਰ ਹਨ ਅਤੇ ਮੈਂ ਹਰ ਦੁੱਖ ਸੁੱਖ ਵਿਚ ਓਹਨਾਂ ਦੇ ਨਾਲ ਖੜਾ ਰਹਾਂਗਾ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਦੀ ਯੋਗ ਅਗਵਾਈ ਹੇਠ ਵਾਰਡ ਦੀ ਹਰ ਇਕ ਸਮੱਸਿਆ ਨੂੰ ਤੁਰੰਤ ਹੱਲ ਕਰ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਾਤ-ਪਾਤ ਤੋਂ ਉੱਪਰ ਉੱਠ ਕੇ

# ਪੰਜਾਬ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਇਕੱਠੇ ਹੋਣ ਦਾ ਵੇਲਾ : ਬਾਪੂ ਤਰਸੇਮ ਸਿੰਘ



## ਮੋਗਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਐਸ ਸੀ ਵਿੰਗ ਅਤੇ ਆਈ ਟੀ ਵਿੰਗ ਦੇ ਗਠਨ ਲਈ ਹੋਈ ਹਾਈ ਪ੍ਰੋਫਾਈਲ ਮੀਟਿੰਗ

**ਮੋਗਾ, 16 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਮੋਗਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਐਸ ਸੀ ਵਿੰਗ ਅਤੇ ਆਈ ਟੀ ਵਿੰਗ ਦੇ ਗਠਨ ਨੂੰ ਲੈ ਕੇ ਇੱਕ ਵਿਸ਼ਾਲ ਅਤੇ ਹਾਈਪ੍ਰੋਫਾਈਲ ਮੀਟਿੰਗ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਐਸ ਸੀ ਭਾਈਚਾਰੇ ਨਾਲ ਸਬੰਧਤ ਅਤੇ ਆਈ ਟੀ ਖੇਤਰ ਵਿੱਚ ਰੁਚੀ ਰੱਖਣ ਵਾਲੇ ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਪਾਰਟੀ ਦੇ ਵਿਸਥਾਰ, ਨੌਜਵਾਨਾਂ ਦੀ ਭੂਮਿਕਾ ਅਤੇ ਸਮਾਜਿਕ ਬਰਾਬਰੀ ਨੂੰ ਮਜ਼ਬੂਤ ਕਰਨ ਸੰਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬਾਪੂ ਤਰਸੇਮ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਪੰਜਾਬ, ਪੰਥ ਅਤੇ ਨੌਜਵਾਨ ਪੀੜ੍ਹੀ ਦੇ ਹੱਕਾਂ ਲਈ ਡਟ ਕੇ ਖੜ੍ਹੀ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਐਸ ਸੀ ਵਿੰਗ ਅਤੇ ਆਈ ਟੀ ਵਿੰਗ ਪਾਰਟੀ ਦੀ ਤਾਕਤ ਵਜੋਂ ਉਭਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਬਿਨਾਂ ਐਸ ਸੀ ਭਾਈਚਾਰੇ ਦੀ ਇੱਜ਼ਤ ਅਤੇ ਭਾਗੀਦਾਰੀ ਤੋਂ ਸੰਭਵ ਨਹੀਂ ਅਤੇ ਪਾਰਟੀ ਵਿੱਚ ਹਰ ਵਰਗ ਨੂੰ ਬਰਾਬਰ ਦਾ ਸਨਮਾਨ ਮਿਲੇਗਾ ਕਿਉਂਕਿ ਸਾਡਾ ਮਕਸਦ ਸਿਰਫ਼ ਵੋਟਾਂ ਨਹੀਂ, ਸਗੋਂ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਰਵਾਇਤੀ ਸਿਆਸਤ ਤੋਂ ਉਕਤਾ ਚੁੱਕਾ ਹੈ ਅਤੇ ਉਹ ਇੱਕ ਅਜਿਹੀ ਸੋਚ ਨਾਲ ਜੁੜਨਾ ਚਾਹੁੰਦਾ ਹੈ ਜੋ ਪੰਜਾਬ ਦੀਆਂ ਫਸਲਾਂ, ਨਸਲਾਂ ਅਤੇ ਹੱਕਾਂ ਦੀ ਸੱਚੀ ਰਾਖੀ ਕਰੇ। ਮੀਟਿੰਗ ਵਿੱਚ ਸ਼ਾਮਲ ਨੌਜਵਾਨਾਂ ਨੇ ਵੀ ਪਾਰਟੀ ਦੀ ਵਿਚਾਰਧਾਰਾ ਨਾਲ ਮਜ਼ਬੂਤੀ ਨਾਲ ਖੜ੍ਹਨ ਅਤੇ ਪਿੰਡ ਪੱਧਰ ਤੱਕ ਪਾਰਟੀ ਨੂੰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ। ਮੀਟਿੰਗ ਦੇ ਅੰਤ ਵਿੱਚ ਜਲਦ ਹੀ ਪੰਜਾਬ ਪੱਧਰ 'ਤੇ ਐਸ ਸੀ ਵਿੰਗ ਅਤੇ ਆਈ ਟੀ ਵਿੰਗ ਦੀਆਂ ਅਹੁਦੇਦਾਰੀਆਂ ਦਾ ਐਲਾਨ ਕਰਨ ਅਤੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਬਾਰੇ ਵੀ ਚਰਚਾ ਕੀਤੀ ਗਈ। ਮੀਟਿੰਗ ਵਿੱਚ ਸ਼ਾਮਿਲ ਹੋਈ ਸੀਨੀਅਰ ਲੀਡਰਸ਼ਿਪ ਅਤੇ ਵਰਕਰ ਸਾਹਿਬਾਨ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਮਨਦੀਪ ਸਿੰਘ ( ਭਰਾਤਾ ਸ਼ਹੀਦ ਭਾਈ ਦੀਪ ਸਿੰਘ ਸਿੱਧੂ ), ਸ੍ਰ ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਸੁਖਦੇਵ ਸਿੰਘ ਕਾਦੀਆਂ, ਸ੍ਰ ਲੱਖਾ ਸਿੰਘ ਸਿਧਾਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਹਰਜਿੰਦਰ ਸਿੰਘ ਜੀਰਾ, ਭਾਈ ਰਛਪਾਲ ਸਿੰਘ ਸੋਸਣ, ਭਾਈ ਦਲਜੀਤ ਸਿੰਘ ਜਵੰਦਾ, ਸ੍ਰ ਬਾਬੂ ਸਿੰਘ ਮਾਨ, ਭਾਈ ਬਲਦੇਵ ਸਿੰਘ ਜੱਲੂਪੁਰ, ਚਾਚਾ ਪਲਵਿੰਦਰ ਸਿੰਘ, ਭਾਈ ਸੰਦੀਪ ਸਿੰਘ ਰੁਪਾਲੋਂ, ਸ੍ਰ ਸੁਖਬੀਰ ਸਿੰਘ ਵਲਟੋਹਾ, ਸ੍ਰ ਗੁਰਮਿੰਦਰ ਸਿੰਘ ਚਾਵਲਾ, ਭਾਈ ਜਸਕਰਨ ਸਿੰਘ ਲੋਪੋਕੇ, ਸ੍ਰ ਕੰਵਲਜੀਤ ਸਿੰਘ ਸੋਹੀ, ਸ੍ਰ ਗੁਰਦੇਵ ਸਿੰਘ ਸੰਧੂ, ਸ੍ਰ ਹਰਕਮਲਪ੍ਰੀਤ ਸਿੰਘ ਜੰਡ, ਲਵਲੀ ਜੀ ਜਲੰਧਰ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਡੀ ਐਸ ਪੀ ਹਰਿੰਦਰ ਸਿੰਘ, ਭਾਈ ਅਮਨਦੀਪ ਸਿੰਘ ਖਰੜ, ਸ੍ਰ ਪਰਮਜੀਤ ਸਿੰਘ ਵਣੀਏਕੇ, ਸ੍ਰ ਹਰਜੀਤ ਸਿੰਘ ਪੱਖੋਵਾਲ, ਸ੍ਰ ਅਮਰਜੀਤ ਸਿੰਘ ਕਾਲੇਕੇ, ਸ੍ਰ ਦਵਿੰਦਰ ਸਿੰਘ ਰਾਣੀਆ, ਸੁਰਜੀਤ ਸਿੰਘ ਕੋਟਲੀ ਅਜਨਾਲਾ, ਸ੍ਰ ਗੁਰਦੇਵ ਸਿੰਘ ਖਡੂਰ ਸਾਹਿਬ, ਸ੍ਰ ਗੁਰਬਚਨ ਸਿੰਘ ਪਟਿਆਲਾ ਅਤੇ ਹੋਰ ਵੱਡੀ ਗਿਣਤੀ ਵਿੱਚ ਆਗੂ ਹਾਜਰ ਸਨ।

ਨਗਰ ਕੌਂਸਲ ਚੋਣਾਂ: ਅਕਾਲੀ ਦਲ ਨੇ 23 ਵਾਰਡਾਂ 'ਚ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ

# ਨਵੀਂ ਚੋਣ ਰਣਨੀਤੀ ਤਹਿਤ 20 'ਤੇ ਤੱਕੜੀ ਤੇ 3 'ਤੇ ਆਜ਼ਾਦਾਂ ਨੂੰ ਸਮੱਰਥਨ



| ਵਾਰਡ ਨੰ. | ਉਮੀਦਵਾਰ ਦਾ ਨਾ | ਪਿਤਾ/ਪਤੀ ਦਾ ਨਾ | ਕੈਟਾਗਿਰੀ | ਚੋਣ ਨਿਸ਼ਾਨ |
|---|---|---|---|---|
| 1 | ਗੁਰਦੀਪ ਕੌਰ | ਪਤਨੀ ਸ.ਜਸਵੀਰ ਸਿੰਘ | ਇਸਤਰੀ | ਤੱਕੜੀ |
| 2 | ਸ.ਤਜਿੰਦਰ ਸਿੰਘ ਜੱਸਲ | ਸ.ਜਸਵੰਤ ਸਿੰਘ | ਜਨਰਲ | ਤੱਕੜੀ |
| 3 | ਗੁਰਪ੍ਰੀਤ ਕੌਰ | ਪਤਨੀ ਸ. ਚਰਨਜੀਤ ਸਿੰਘ ਚੀਨੂ | ਇਸਤਰੀ | ਤੱਕੜੀ |
| 4 | ਸ.ਦਵਿੰਦਰਜੀਤ ਸਿੰਘ ਸਿੱਧੂ | ਸ.ਦਲੀਪ ਸਿੰਘ | ਜਨਰਲ | ਅਜ਼ਾਦ |
| 5 | ਛਿੰਦਰਪਾਲ ਕੌਰ ਸਰਾਂ | ਪਤਨੀ ਸ. ਗੁਰਦੀਪ ਸਿੰਘ ਸਰਾਂ | ਇਸਤਰੀ | ਅਜ਼ਾਦ |
| 6 | ਡਾ.ਸ.ਅਮਰਜੀਤ ਸਿੰਘ | ਸ.ਅਜੈਬ ਸਿੰਘ | ਐਸ.ਸੀ. | ਤੱਕੜੀ |
| 7 | ਹਰਪ੍ਰੀਤ ਕੌਰ | ਪਤਨੀ ਸ. ਕਮਲਦੀਪ ਸਿੰਘ | ਇਸਤਰੀ SC | ਤੱਕੜੀ |
| 8 | ਸੰਕਰ ਰਾਮ | ਛਿੰਦਾ | SC | ਤੱਕੜੀ |
| 9 | ਨਰਿੰਦਰਜੀਤ ਕੌਰ | ਪਤਨੀ ਸ.ਸਤਨਾਮ ਸਿੰਘ | ਇਸਤਰੀ SC | ਤੱਕੜੀ |
| 10 | ਸ.ਸਰਬਜੀਤ ਸਿੰਘ ਗਰਚਾ | ਪੁੱਤਰ ਸ.ਦਲਜੀਤ ਸਿੰਘ | ਜਨਰਲ | ਤੱਕੜੀ |
| 11 | ਸ.ਜਿੰਦਰ ਸਿੰਘ | ਸ.ਬਚਨ ਸਿੰਘ | ਬੀ ਸੀ | ਤੱਕੜੀ |
| 12 | ਸ.ਧਰਮ ਸਿੰਘ | ਮਹਾਂ ਸਿੰਘ | ਜਨਰਲ | ਤੱਕੜੀ |
| 13 | ਚਰਨਜੀਤ ਕੌਰ | ਪਤਨੀ ਸ.ਸੁਰਿੰਦਰਪਾਲ ਸਿੰਘ | ਇਸਤਰੀ | ਤੱਕੜੀ |
| 14 | ਸ.ਧਰਮਿੰਦਰ ਸਿੰਘ ਆਸਾ | ਸ.ਗੁਲਜ਼ਾਰ ਸਿੰਘ | ਜਨਰਲ | ਤੱਕੜੀ |
| 15 | ਕੁਲਵੰਤ ਕੌਰ | ਪਤਨੀ ਸ.ਅਵੀਨਾਸ਼ ਸਿੰਘ | ਇਸਤਰੀ | ਤੱਕੜੀ |
| 16 | ਵਿਕਰਮ ਕੁਮਾਰ | ਸੰਧਾ ਰਾਮ | ਜਨਰਲ | ਤੱਕੜੀ |
| 17 | ਪਰਦੀਪ ਕੌਰ ਢਿੱਲੋਂ | ਪਤਨੀ ਸ.ਜਸਪ੍ਰੀਤ ਸਿੰਘ | ਇਸਤਰੀ | ਤੱਕੜੀ |
| 18 | ਅਸ਼ੋਕ ਕੁਮਾਰ | ਪੁੱਤਰ ਫੂਲਾ ਰਾਜ | SC | ਤੱਕੜੀ |
| 19 | ਲਲਤਾ | ਪਤਨੀ ਲੇਖ ਰਾਜ | ਇਸਤਰੀ SC | ਤੱਕੜੀ |
| 20 | ਹਨੀ ਕੁਮਾਰ | ਪੁੱਤਰ ਸ਼੍ਰੀ ਬਿਨੋਦ ਗੋਇਲ | ਜਨਰਲ | ਅਜ਼ਾਦ |
| 21 | ਹਰਜੀਤ ਕੌਰ | ਪਤਨੀ ਸ.ਮਨਜੀਤ ਸਿੰਘ ਫੌਜੀ | ਇਸਤਰੀ | ਤੱਕੜੀ |
| 22 | ਹਰਪਾਲ ਕੌਰ | ਪੁੱਤਰੀ ਸ.ਗੁਰਦੀਪ ਸਿੰਘ | ਜਨਰਲ | ਤੱਕੜੀ |
| 23 | ਸੁਖਦੀਪ ਕੌਰ | ਪਤਨੀ ਸ.ਅਵਤਾਰ ਸਿੰਘ ਬਿੱਲਾ | ਇਸਤਰੀ | ਤੱਕੜੀ |

**ਜਗਰਾਉਂ, (ਵਰਿਆਮ ਹਠੂਰ)**-ਅਕਾਲੀ ਦਲ ਵੱਲੋਂ ਨਵੀਂ ਚੋਣ ਰਣਨੀਤੀ ਅਪਣਾਉਂਦੇ ਹੋਏ ਕੁੱਲ 23 ਵਾਰਡਾਂ ਵਿੱਚ ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰੇ ਹਨ। ਜਿਨ੍ਹਾਂ ਵਿੱਚੋਂ 20 ਉਮੀਦਵਾਰ ਪਾਰਟੀ ਦੇ ਚੋਣ ਨਿਸ਼ਾਨ "ਤੱਕੜੀ" 'ਤੇ ਚੋਣ ਲੜਨਗੇ, ਜਦ ਕਿ 3 ਆਜ਼ਾਦ ਉਮੀਦਵਾਰਾਂ ਨੂੰ ਸਮਰਥਨ ਦਿੱਤਾ ਗਿਆ ਹੈ ਅੱਜ ਹਲਕਾ ਇੰਚਾਰਜ ਸ਼੍ਰੀ ਐੱਸ.ਆਰ. ਕਲੇਰ ਦੀ ਅਗਵਾਈ ਹੇਠ ਪਾਰਟੀ ਦੇ ਸਾਰੇ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ। ਇਸ ਮੌਕੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਵੱਡੀ ਗਿਣਤੀ ਵਿੱਚ ਅਕਾਲੀ ਆਗੂ, ਵਰਕਰ ਅਤੇ ਹਮਾਇਤੀ ਨਾਮਜ਼ਦਗੀ ਦੌਰਾਨ ਮੌਜੂਦ ਰਹੇ, ਜਿਨ੍ਹਾਂ ਨੇ ਨਾਅਰੇਬਾਜ਼ੀ ਕਰਦਿਆਂ ਉਮੀਦਵਾਰਾਂ ਦਾ ਹੌਸਲਾ ਵਧਾਇਆ। ਨਾਮਜ਼ਦਗੀ ਪ੍ਰਕਿਰਿਆ ਦੌਰਾਨ ਪੂਰਾ ਮਹੌਲ ਚੋਣ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦਿੱਤਾ ਅਤੇ ਪਾਰਟੀ ਵੱਲੋਂ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਨ ਲਈ ਸਮੱਰਥਕ ਵੱਡੀ ਗਿਣਤੀ ਵਿਚ ਪੁੱਜੇ ਅਤੇ ਆਪਣੀ ਤਾਕਤ ਦਾ ਪ੍ਰਦਰਸ਼ਨ ਵੀ ਕੀਤਾ, ਇਸ ਮੌਕੇ ਪਾਰਟੀ ਆਗੂਆਂ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਦੀਆਂ ਨੀਤੀਆਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਕਾਰਨ ਪਾਰਟੀ ਪ੍ਰਤੀ ਲੋਕਾਂ ਦਾ ਵਿਸ਼ਵਾਸ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਇਸ ਮੌਕੇ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ 3 ਆਜ਼ਾਦ ਉਮੀਦਵਾਰਾਂ ਨੂੰ ਦਿੱਤਾ ਗਿਆ ਸਮਰਥਨ ਪਾਰਟੀ ਦੀ ਮਜ਼ਬੂਤ ਸਥਿਤੀ ਅਤੇ ਜਨ ਸਮਰਥਨ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਚੱਲ ਰਹੀ ਹੈ। ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ.ਆਰ. ਕਲੇਰ ਨੇ ਕਿਹਾ ਕਿ ਸ਼ਹਿਰ ਦੇ ਪਛੜੇ ਵਿਕਾਸ ਲਈ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੋਵੇਂ ਜਿੰਮੇਵਾਰ ਹਨ। ਉਨ੍ਹਾਂ ਆਖਿਆ ਕਿ ਸ਼ਹਿਰ ਅੰਦਰ ਕੂੜੇ ਦੇ ਢੇਰਾਂ ਦੇ ਨਾਲ-ਨਾਲ ਲੋਕਾਂ ਦੀਆਂ ਅਹਿਮ ਲੋੜਾਂ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਕਲੇਰ ਨੇ ਆਖਿਆ ਕਿ ਸ਼ਹਿਰ ਦੇ ਲੋਕ ਸ਼੍ਰੋਮਣੀ ਅਕਾਲੀ ਦਲ 'ਤੇ ਭਰੋਸਾ ਬਣਾਈ ਬੈਠੇ ਹਨ ਤੇ ਉਹ ਲੋਕਾਂ ਦੇ ਭਰੋਸੇ ਤਹਿਤ ਨਗਰ ਕੌਂਸਲ ਦੇ ਪ੍ਰਧਾਨਗੀ ਪਦ 'ਤੇ ਕਾਬਜ ਹੋਣਗੇ। ਉਸ ਮੌਕੇ 3 ਅਜਾਦ ਉਮੀਦਵਾਰਾਂ ਨੂੰ ਸਮੱਰਥਨ ਦੇਣ ਸਬੰਧੀ ਕਲੇਰ ਨੇ ਆਖਿਆ ਕਿ ਇਹ ਉਨ੍ਹਾਂ ਦੀ ਨਿੱਜੀ ਚੋਣ ਰਣਨੀਤੀ ਹੈ। ਉਨ੍ਹਾਂ ਆਖਿਆ ਕਿ ਰਸਤੇ ਨੂੰ ਮੰਜ਼ਿਲ-ਏ-ਮੁਕਾਮ ਦੀ ਗੱਲ ਕਰਨੀ ਚਾਹੀਦੀ ਹੈ। ਡਾਇਰੈਕਟਰ ਬਲਜੀਤ ਸਿੰਘ ਹਠੂਰ ਨੇ ਕਿਹਾ ਕਿ ਅਕਾਲੀ ਉਮੀਦਵਾਰਾਂ ਨੂੰ ਜਿਤਾਉਣ ਲਈ ਜਗਰਾਉਂ ਵਾਸੀ ਪੱਬਾਂ ਭਾਰ ਹਨ। ਤੇ ਅਕਾਲੀ ਉਮੀਦਵਾਰ ਸ਼ਾਨਦਾਰ ਜਿੱਤ ਹਾਸਿਲ ਕਰਨਗੇ। ਇਸ ਮੌਕੇ ਉਮੀਦਵਾਰਾਂ ਸਮੇਤ ਅਨੇਕਾਂ ਆਗੂ ਅਤੇ ਵਰਕਰ ਹਾਜਰ ਸਨ।

## ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲ ਉਮੀਦਵਾਰ ਵਾਰਡ ਨੰਬਰ 8 ਤੋਂ ਸਰਬਜੀਤ ਕੌਰ ਨੇ ਅੱਜ ਕਾਗਜ਼ ਦਾਖ਼ਲ ਕਰਵਾਏ



**ਜੰਡਿਆਲਾ ਗੁਰੂ, 16 ਮਈ ( ਕੁਲਵੰਤ ਸਿੰਘ ਵਿਰਦੀ )**-ਨਗਰ ਕੌਂਸਲ ਚੋਣਾਂ ਲਈ ਅੱਜ ਕਾਗਜ ਭਰਨ ਦਾ ਦੂਸਰਾ ਤੇ ਆਖਰੀ ਦਿਨ ਸੀ । ਇਸ ਸਬੰਧੀ ਸ੍ਰੋਮਣੀ ਅਕਾਲੀ ਦਲ ਵਲੋ ਜੰਡਿਆਲਾ ਗੁਰੂ ਦੇ ਵਾਰਡ ਨੰਬਰ 8 ਤੋਂ ਪੜੇ ਲਿਖੇ ਤੇ ਸੂਝਵਾਨ ਸ਼੍ਰੀ ਮਤੀ ਸਰਬਜੀਤ ਕੌਰ ਪਤਨੀ ਬਜਰੰਗਜੀਤ ਸਿੰਘ ਸਾਬ੍ਹ ਉਮੀਦਵਾਰ ਵਲੋਂ ਕਾਗਜ਼ ਭਰ ਕੇ ਚੋਣ ਮੈਦਾਨ ਚ ਆਏ ਹਨ ਇਸ ਮੌਕੇ ਸੰਦੀਪ ਸਿੰਘ ਏ ਆਰ ਵੀ ਮਜੂਦ ਸਨ ਅਤੇ ਓਹਨਾਂ ਨੇ ਕਿਹਾ ਕਿ ਸ਼ਹਿਰ ਵਿਚ ਲਗਾਤਾਰ ਵਧ ਰਹੀ ਗੁੰਡਾਗਰਦੀ, ਕਤਲੇਆਮ, ਨਸ਼ਾ ਆਦਿ ਅਤੇ ਸ਼ਹਿਰ ਵਿਚ ਫੈਲੀ ਗੰਦਗੀ ਦੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਕੇ ਅਕਾਲੀ ਦਲ ਦੇ ਹੱਕ ਵਿੱਚ ਵੋਟਾਂ ਮੰਗਣਗੇ । ਅੱਗੇ ਓਹਨਾਂ ਨੇ ਹੋਰ ਕਿਹਾ ਕਿ ਅਕਾਲੀ ਦਲ ਹੀ ਲੋਕਾਂ ਨੂੰ ਸੁਰੱਖਿਆ ਖੁਸ਼ਹਾਲੀ ਅਤੇ ਵਿਕਾਸ ਦੇ ਸਕਦੀ ਹੈ । ਓਹਨਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਲੋਕਾਂ ਦਾ ਹੁਣ ਮੋਹ ਭੰਗ ਹੋ ਚੁੱਕਾ ਹੈ ਅਤੇ 2027 ਵਿਚ ਅਕਾਲੀ ਦਲ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ।

## ਵਾਰਡ ਨੰਬਰ 12 ਤੋਂ ਪਰਤਾਪ ਸਿੰਘ ਮਲਹੋਤਰਾ ਨੇ ਕਾਂਗਰਸ ਪਾਰਟੀ ਵਲੋਂ ਭਰੇ ਕਾਗਜ



ਜੰਡਿਆਲਾ ਗੁਰੂ 16 ਮਈ ( ਕੁਲਵੰਤ ਸਿੰਘ ਵਿਰਦੀ ) - ਨਗਰ ਕੌਂਸਲ ਚੋਣਾਂ ਲਈ ਅੱਜ ਕਾਗਜ ਭਰਨ ਦੀ ਆਖਰੀ ਤਰੀਕ ਸੀ । ਕਾਂਗਰਸ ਪਾਰਟੀ ਵਲੋ ਵਾਰਡ ਨੰਬਰ 12 ਤੋਂ ਪਰਤਾਪ ਸਿੰਘ ਮਲਹੋਤਰਾ ਨੇ ਕਾਗਜ ਦਾਖਿਲ ਕਰਵਾਏ। ਪਰਤਾਪ ਸਿੰਘ ਮਲਹੋਤਰਾ ਪਹਿਲੀ ਵਾਰ ਚੋਣ ਮੈਦਾਨ ਚ ਆਏ ਹਨ ਇਸਤੋਂ ਪਹਿਲਾਂ ਓਹਨਾਂ ਦੇ ਵੱਡੇ ਭਰਾ ਸਵ ਇੰਦਰ ਸਿੰਘ ਮਲਹੋਤਰਾ ਕੌਂਸਲਰ ਰਹੇ ਹਨ ਅਤੇ ਚਚੇਰੇ ਭਰਾ ਰਣਧੀਰ ਸਿੰਘ ਮਲਹੋਤਰਾ ਹੁਣ ਨਗਰ ਕੋਂਸਲ ਦੇ ਮੀਤ ਪ੍ਰਧਾਨ ਸਨ । ਪ੍ਰਤਾਪ ਸਿੰਘ ਮਲਹੋਤਰਾ ਨੇ ਕਿਹਾ ਕਿ ਸ਼ਹਿਰ ਵਿਚ ਲਗਾਤਾਰ ਵਧ ਰਹੀ ਗੁੰਡਾਗਰਦੀ, ਕਤਲੇਆਮ, ਨਸ਼ਾ ਆਦਿ ਅਤੇ ਸ਼ਹਿਰ ਵਿਚ ਫੈਲੀ ਗੰਦਗੀ ਦੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਕੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਵੋਟਾਂ ਮੰਗਣਗੇ । ਓਹਨਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਲੋਕਾਂ ਨੂੰ ਸੁਰੱਖਿਆ ਖੁਸ਼ਹਾਲੀ ਅਤੇ ਵਿਕਾਸ ਦੇ ਸਕਦੀ ਹੈ । ਓਹਨਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਲੋਕਾਂ ਦਾ ਹੁਣ ਮੋਹ ਭੰਗ ਹੋ ਚੁੱਕਾ ਹੈ ਅਤੇ 2027 ਵਿਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ।

## ਨਗਰ ਪੰਚਾਇਤ ਰਈਆ ਦੀਆਂ ਚੋਣਾਂ : ਅੱਜ ਅੰਤਿਮ ਦਿਨ ਸੱਤਾਧਾਰੀ ਆਪ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ, ਭਾਜਪਾ ਅਤੇ ਅਜ਼ਾਦ ਉਮੀਦਵਾਰਾਂ ਸਮੇਤ 68 ਹੋਰ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ

### ਕੱਲ੍ਹ ਅਤੇ ਅੱਜ ਸਮੇਤ ਕੁਲ 88 ਨਾਮਜ਼ਦਗੀਆਂ : ਤਹਿਸੀਲਦਾਰ ਰਣਜੀਤ ਸਿੰਘ



**ਚੌਕ ਮਹਿਤਾ 16 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਈਆ ਨਗਰ ਪੰਚਾਇਤੀ ਚੋਣਾਂ ਸਬੰਧੀ ਅੱਜ ਨਾਮਜ਼ਦਗੀਆਂ ਦਾਖਲ ਕਰਨ ਦੇ ਚੌਥੇ ਅਤੇ ਆਖਰੀ ਦਿਨ ਸੱਤਾਧਾਰੀ ਆਪ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ, ਭਾਜਪਾ ਅਤੇ ਅਜ਼ਾਦ ਉਮੀਦਵਾਰਾਂ ਸਮੇਤ 68 ਹੋਰ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਸ੍ਰੀ ਰਣਜੀਤ ਸਿੰਘ ਤਹਿਸੀਲਦਾਰ ਬਾਬਾ ਬਕਾਲਾ ਸਾਹਿਬ ਕਮ ਐਡੀਸ਼ਨਲ ਚੋਣ ਅਧਿਕਾਰੀ ਪਾਸ ਦਾਖਲ ਕਰਵਾਏ ਹਨ । ਇਸ ਤਰ੍ਹਾਂ ਬੀਤੇ ਕੱਲ੍ਹ ਵੱਖ-ਵੱਖ ਪਾਰਟੀਆਂ ਵੱਲੋਂ 20 ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਸਨ ਅਤੇ ਅੱਜ 68 ਉਮੀਦਵਾਰਾਂ ਵੱਲੋਂ ਕਾਗਜ਼ ਦਾਖਲ ਕਰਵਾਉਣ ਨਾਲ ਹੁਣ ਅੱਜ ਤੱਕ ਕੁਲ 88 ਨਾਮਜ਼ਦਗੀ ਪੱਤਰ ਦਾਖਲ ਕਰਵਾਏ ਜਾ ਚੁਕੇ ਹਨ, ਜਿੰਨ੍ਹਾਂ ਵਿੱਚ ਕਵਰਿੰਗ ਉਮੀਦਵਾਰ ਵੀ ਸ਼ਾਮਿਲ ਹਨ । ਉਨ੍ਹਾਂ ਦੱਸਿਆ ਕਿ ਸੱਤਧਾਰੀ ਆਮ ਆਦਮੀ ਪਾਰਟੀ ਵੱਲੋਂ 13 ਅਤੇ ਉਨ੍ਹਾਂ ਦੇ 12 ਕਵਰਿੰਗ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਹਨ । ਇਵੇਂ ਹੀ ਕਾਂਗਰਸ ਵੱਲੋਂ 5 ਅਤੇ ਕਵਰਿੰਗ ਦੇ 7 ਉਮੀਦਾਵਰਾਂ, ਸ਼੍ਰੋਮਣੀ ਅਕਾਲੀ ਦੇ 6 ਅਤੇ 10 ਕਵਰਿੰਗ ਉਮੀਦਵਾਰਾਂ ਅਤੇ ਭਾਜਪਾ ਦੀਆਂ 13 ਸੀਟਾਂ ਤੋਂ ਉਮੀਦਵਾਰਾਂ ਨੇ ਕਾਗਜ਼ ਦਾਖਲ ਕਰਵਾਏ ਹਨ । ਉਨ੍ਹਾਂ ਦੱਸਿਆ ਕਿ ਸੋਮਵਾਰ 18 ਮਈ ਨੂੰ ਇਨ੍ਹਾਂ ਸਾਰੇ ਕਾਗਜ਼ਾਂ ਦੀ ਜਾਂਚ ਪੜਤਾਲ ਕੀਤੀ ਜਾਵੇਗੀ।

## ਗੁਰੂਘਰ ਦੇ ਸੇਵਕ ਭਾਈ ਹਰਜਿੰਦਰ ਸਿੰਘ ਗ੍ਰੰਥੀ ਸਿੰਘ ਪਿੰਡ ਡੁਡਿਆਣਾ ਕਲਾਂ ਜ਼ਿਲਾ ਹੁਸ਼ਿਆਰਪੁਰ ਦੇ ਸਪੁੱਤਰ ਭਾਈ ਲਖਬੀਰ ਸਿੰਘ ਦਾ ਸ਼ੁਭ ਵਿਵਾਹ ਬੀਬੀ ਦਮਨਪ੍ਰੀਤ ਕੌਰ ਨਾਲ ਹੋਇਆ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁੱਜ ਕੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ















ਗੁਰੂਘਰ ਦੇ ਸੇਵਕ ਭਾਈ ਹਰਜਿੰਦਰ ਸਿੰਘ ਗ੍ਰੰਥੀ ਸਿੰਘ ਪਿੰਡ ਡੁਡਿਆਣਾ ਕਲਾਂ ਜ਼ਿਲਾ ਹੁਸ਼ਿਆਰਪੁਰ ਦੇ ਸਪੁੱਤਰ ਭਾਈ ਲਖਬੀਰ ਸਿੰਘ ਦਾ ਸ਼ੁਭ ਵਿਵਾਹ ਬੀਬੀ ਦਮਨਪ੍ਰੀਤ ਕੌਰ ਨਾਲ ਹੋਇਆ ਵਿਆਹ ਦੀ ਖ਼ੁਸ਼ੀ ਵਿੱਚ ਪਰਿਵਾਰ ਵੱਲੋਂ ਗੁਰੂ ਦਾ ਸ਼ੁਕਰਾਨਾ ਸਮਾਗਮ ਆਪਣੇ ਗ੍ਰਹਿ ਪਿੰਡ ਡੁਡਿਆਣਾ ਜਿਲਾ ਹੁਸ਼ਿਆਰਪੁਰ ਵਿਖੇ ਅੱਜ 16 ਮਈ 2026 ਨੂੰ ਕੀਤਾ ਗਿਆ ਜਿਸਦੇ ਵਿੱਚ ਗੁਰਬਾਣੀ ਦਾ ਪਾਠ ਸ਼ਬਦ ਕੀਰਤਨ ਹੋਇਆ ਇਸ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁੱਜ ਕੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ ਅਤੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਜਿਕਰਯੋਗ ਹੈ ਕੇ ਇਸ ਪ੍ਰੀਵਾਰ ਦੀਆਂ 5 ਪੀੜੀਆਂ ਗ੍ਰੰਥੀ ਸਿੰਘਾਂ ਦੀਆਂ ਹਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243








# 2 ਜੂਨ ਨੂੰ
# ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

# ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਜਲੰਧਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿੱਚ ਭਿਆਨਕ ਗਰਮੀ ਵਾਲੇ ਮਾਹੌਲ ਦੇ ਬਾਵਜੂਦ ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਪੂਰੇ ਉਤਸ਼ਾਹ ਅਤੇ ਜ਼ੋਰ-ਸ਼ੋਰ ਨਾਲ ਜਾਰੀ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਦੱਸਿਆ ਕਿ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੀ ਅਗਵਾਈ ਹੇਠ ਸੰਤਾਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਦਿਨ-ਰਾਤ ਵੱਖ-ਵੱਖ ਪੰਥਕ ਸ਼ਖਸੀਅਤਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸੰਗਤਾਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਅਤੇ ਦੇਸ਼-ਵਿਦੇਸ਼ ਵਿੱਚ ਸਰਗਰਮ ਆਗੂ ਆਪੋ-ਆਪਣੇ ਇਲਾਕਿਆਂ ਵਿੱਚ ਸੰਗਤਾਂ ਨੂੰ 2 ਜੂਨ ਨੂੰ ਪਿੰਡ ਰੋਡੇ ਵਿਖੇ ਸਥਿਤ ਗੁਰਦੁਆਰਾ ਸੰਤ ਖਾਲਸਾ ਵਿਖੇ ਪਹੁੰਚਣ ਲਈ ਸੱਦਾ ਪੱਤਰ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਸੰਤ ਜੱਸੋਵਾਲ ਨੇ ਦੱਸਿਆ ਕਿ ਪਿੰਡ ਰੋਡੇ ਵਿਖੇ ਪਹੁੰਚ ਰਹੀਆਂ ਸੰਗਤਾਂ ਦੀ ਸਹੂਲਤ ਲਈ ਥਾਂ-ਥਾਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਲੰਗਰਾਂ ਅਤੇ ਹੋਰ ਸੇਵਾਵਾਂ ਲਈ ਵੱਖ-ਵੱਖ ਸੰਸਥਾਵਾਂ ਅਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸੰਗਤਾਂ ਦੀਆਂ ਗੱਡੀਆਂ ਅਤੇ ਮੋਟਰਾਂ ਦੀ ਪਾਰਕਿੰਗ, ਬੈਠਣ ਦੀ ਵਿਵਸਥਾ ਅਤੇ ਲੰਗਰ ਛਕਣ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ, ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਪੰਥਕ ਵਿਚਾਰਾਂ ਦਾ ਵੀ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਇਟਲੀ, ਆਸਟਰੀਆ, ਕੈਨੇਡਾ ਅਤੇ ਅਮਰੀਕਾ ਦੇ ਸਿੰਘਾਂ ਵੱਲੋਂ ਵੀ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ 2 ਜੂਨ 2026 ਨੂੰ ਪਿੰਡ ਰੋਡੇ ਵਿਖੇ ਹੋ ਰਹੇ ਮਹਾਨ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪਹੁੰਚਿਆ ਜਾਵੇ ਅਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਮੌਕੇ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾਣ। ਇਹ ਪ੍ਰੈਸ ਨੋਟ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਵੱਲੋਂ ਜਾਰੀ ਕੀਤਾ ਗਿਆ।






## 2 ਜੂਨ ਨੂੰ ਪਿੰਡ ਰੋਡੇ ਪੁੱਜੋ

--★ ਬੇਨਤੀ ਕਰਤਾ ★--

**ਸੰਤ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

# ਭਾਰਤ ਦੇ ਲੋਕਾਂ ਉੱਪਰ ਮਹਿੰਗਾਈ ਦਾ ਬੰਬ

**ਅੱਜ** ਦੇ ਦੌਰ ਵਿੱਚ ਜੇਕਰ ਭਾਰਤ ਵਿੱਚ ਕਿਸੇ ਮੁੱਦੇ ਨੇ ਆਮ ਨਾਗਰਿਕ ਦੇ ਜੀਵਨ ਨੂੰ ਸਭ ਤੋਂ ਵਧੇਰੇ ਪ੍ਰਭਾਵਿਤ ਕੀਤਾ ਹੈ, ਤਾਂ ਉਹ ਹੈ-ਮਹਿੰਗਾਈ ਦਾ ਬੰਬ । ਦੇਸ਼ ਵਿੱਚ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਅਤੇ ਸੇਵਾਵਾਂ ਦੀਆਂ ਕੀਮਤਾਂ ਜਿਸ ਤੇਜ਼ੀ ਨਾਲ ਵਧ ਰਹੀਆਂ ਹਨ, ਉਸ ਨੇ ਮੱਧਮ ਅਤੇ ਹੇਠਲੇ ਵਰਗ ਦੇ ਪਰਿਵਾਰਾਂ ਦੀਕਮਰ ਤੋੜ ਕੇ ਰੱਖ ਦਿੱਤੀ ਹੈ। ਮਈ 2026 ਵਿੱਚ ਜਾਰੀ ਹੋਏ ਤਾਜ਼ਾ ਸਰਕਾਰੀ ਅੰਕੜਿਆਂ ਮੁਤਾਬਕ ਦੇਸ਼ ਦੀ ਪ੍ਰਚੂਨ ਮਹਿੰਗਾਈ ਦਰ ਵਧ ਕੇ3.48% ’ਤੇ ਪਹੁੰਚ ਗਈ ਹੈ, ਜੋ ਕਿ ਪਿਛਲੇ 13 ਮਹੀਨਿਆਂ ਦਾ ਸਭ ਤੋਂ ਉੱਚਾ ਪੱਧਰ ਹੈ। ਇਸੇ ਤਰ੍ਹਾਂ ਖਾਧ ਪਦਾਰਥਾਂ ਦੀ ਮਹਿੰਗਾਈ ਦਰ ਵੀ4.20%ਤੱਕ ਜਾ ਪਹੁੰਚੀ ਹੈ। ਆਰਥਿਕ ਸੰਕਟ ਦੇ ਇਸ ਦੌਰ ਨੇ ਸ਼ਾਇਦ ਉੱਚ ਵਰਗ ਨੂੰ ਬਹੁਤਾ ਪ੍ਰਭਾਵਿਤ ਨਾ ਕੀਤਾ ਹੋਵੇ, ਪਰ ਗਰੀਬ ਅਤੇ ਮੱਧਮ ਵਰਗ ਦੇ ਪਰਿਵਾਰਾਂ ਲਈ ਹੁਣ ਰੋਜ਼ਾਨਾ ਦਾ ਗੁਜ਼ਾਰਾ ਕਰਨਾ ਵੀ ਇੱਕ ਵੱਡੀ ਚੁਣੌਤੀ ਬਣ ਗਿਆ ਹੈ।

ਪੱਛਮੀ ਏਸ਼ੀਆ ਵਿੱਚ ਚੱਲ ਰਹੇ ਭੂ-ਰਾਜਨੀਤਿਕ ਤਣਾਅ ਅਤੇ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਦਾ ਸਿੱਧਾ ਅਸਰ ਭਾਰਤੀ ਉਪਭੋਗਤਾਵਾਂ ’ਤੇ ਪੈ ਰਿਹਾ ਹੈ। ਤੇਲ ਕੰਪਨੀਆਂ ਵੱਲੋਂ ਕਰੀਬ ਚਾਰ ਸਾਲਾਂ ਦੇ ਵਕਫ਼ੇ ਬਾਅਦ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਸਿੱਧਾ3 ਰੁਪਏ ਪ੍ਰਤੀ ਲੀਟਰਦਾ ਵਾਧਾ ਕੀਤਾ ਗਿਆ ਹੈ। ਇਸ ਵਾਧੇ ਕਾਰਨ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਪੈਟਰੋਲ 97.77 ਰੁਪਏ ਅਤੇ ਡੀਜ਼ਲ 90.67 ਰੁਪਏ ਪ੍ਰਤੀ ਲੀਟਰ ’ਤੇ ਪਹੁੰਚ ਗਿਆ ਹੈ, ਜਦਕਿ ਪੰਜਾਬ ਸਮੇਤ ਕਈ ਹੋਰਨਾਂ ਸੂਬਿਆਂ ਵਿੱਚ ਇਹ ਕੀਮਤਾਂ 100 ਰੁਪਏ ਦੇ ਅੰਕੜੇ ਨੂੰ ਪਾਰ ਕਰ ਚੁੱਕੀਆਂ ਹਨ। ਡੀਜ਼ਲ ਮਹਿੰਗਾ ਹੋਣ ਕਾਰਨ ਮਾਲ-ਢੋਆ-ਢੁਆਈ ਦੇ ਖਰਚੇ ਵਧ ਗਏ ਹਨ, ਜਿਸ ਦਾ ਲਾਜ਼ਮੀ ਅਸਰ ਆਉਣ ਵਾਲੇ ਦਿਨਾਂ ਵਿੱਚ ਹਰ ਛੋਟੀ-ਵੱਡੀ ਵਸਤੂ ਦੀ ਕੀਮਤ ’ਤੇ ਦੇਖਣ ਨੂੰ ਮਿਲੇਗਾ।

ਕਦੇ ਆਮ ਆਦਮੀ ਦੀ ਥਾਲੀ ਦਾ ਹਿੱਸਾ ਰਹੀਆਂ ਬੁਨਿਆਦੀ ਚੀਜ਼ਾਂ ਹੁਣ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੁੰਦੀਆਂ ਜਾ ਰਹੀਆਂ ਹਨ। ਤਾਜ਼ਾ ਰਿਪੋਰਟਾਂ ਅਨੁਸਾਰ ਬਾਜ਼ਾਰ ਵਿੱਚ ਟਮਾਟਰ ਦੀ ਮਹਿੰਗਾਈ ਦਰ35%ਤੋਂ ਪਾਰ ਚੱਲ ਰਹੀ ਹੈ। ਇਸ ਦੇ ਨਾਲ ਹੀ ‘ਅਮੂਲ’ ਅਤੇ ‘ਮਦਰ ਡੇਅਰੀ’ ਵਰਗੀਆਂ ਪ੍ਰਮੁੱਖ ਕੰਪਨੀਆਂ ਵੱਲੋਂ ਦੁੱਧ ਦੀਆਂ ਕੀਮਤਾਂ ਵਿੱਚ2 ਰੁਪਏ ਪ੍ਰਤੀ ਲੀਟਰਦਾ ਵਾਧਾ ਕੀਤਾ ਗਿਆ ਹੈ, ਜਿਸ ਨੇ ਬੱਚਿਆਂ ਦੀ ਖੁਰਾਕ ਅਤੇ ਘਰ ਦੇ ਮਹੀਨਾਵਾਰ ਬਜਟ ਨੂੰ ਬੁਰੀ ਤਰ੍ਹਾਂ ਹਿਲਾ ਦਿੱਤਾ ਹੈ। ਦੂਜੇ ਪਾਸੇ, ਘਰੇਲੂ ਐਲ.ਪੀ.ਜੀ. ਸਿਲੰਡਰ ਦੀ ਕੀਮਤ913 ਰੁਪਏਦੇ ਆਸ-ਪਾਸ ਪਹੁੰਚਣ ਕਾਰਨ ਗ੍ਰਹਿਣੀਆਂ ਲਈ ਰਸੋਈ ਚਲਾਉਣਾ ਔਖਾ ਹੋ ਗਿਆ ਹੈ। ਸਰਕਾਰ ਵੱਲੋਂ ਮੁਫ਼ਤ ਗੈਸ ਕਨੈਕਸ਼ਨ ਦੇਣ ਦੇ ਦਾਅਵਿਆਂ ਦੇ ਬਾਵਜੂਦ, ਅੱਜ ਦੇ ਸਮੇਂ ਵਿੱਚ ਸਿਲੰਡਰ ਰੀਫਿਲ ਕਰਵਾਉਣਾ ਗਰੀਬ ਪਰਿਵਾਰਾਂ ਦੀ ਸਮਰੱਥਾ ਤੋਂ ਬਾਹਰ ਹੁੰਦਾ ਜਾ ਰਿਹਾ ਹੈ। ਮਹਿੰਗਾਈ ਦੀ ਇਸ ਮਾਰ ਨੇ ਦੇਸ਼ ਦੇ ਅੰਨਦਾਤਾ ਯਾਨੀ ਕਿਸਾਨਾਂ ਨੂੰ ਵੀ ਗੰਭੀਰ ਸੰਕਟ ਵਿੱਚ ਪਾ ਦਿੱਤਾ ਹੈ। ਡੀਜ਼ਲ ਦੀਆਂ ਵਧੀਆਂ ਕੀਮਤਾਂ ਕਾਰਨ ਖੇਤੀ ਦੀ ਲਾਗਤ (ਜਿਵੇਂ ਕਿ ਟਰੈਕਟਰ ਦੀ ਵਰਤੋਂ ਅਤੇ ਸਿੰਚਾਈ) ਬਹੁਤ ਜ਼ਿਆਦਾ ਵਧ ਗਈਹੈ। ਇਸ ਦੇ ਨਾਲ ਹੀ ਖਾਦਾਂ, ਕੀਟਨਾਸ਼ਕਾਂ ਅਤੇ ਬੀਜਾਂ ਦੀਆਂ ਕੀਮਤਾਂ ਵਿੱਚ ਵੀ ਭਾਰੀ ਵਾਧਾ ਹੋਇਆ ਹੈ। ਸਭ ਤੋਂ ਵੱਡੀ ਆਰਥਿਕ ਤ੍ਰਾਸਦੀ ਇਹ ਹੈ ਕਿ ਜਦੋਂ ਕਿਸਾਨ ਦੀ ਫਸਲ ਬਾਜ਼ਾਰ ਵਿੱਚ ਆਉਂਦੀ ਹੈ, ਤਾਂ ਉਸ ਨੂੰ ਵਾਜਬ ਮੁੱਲ ਨਹੀਂ ਮਿਲਦਾ, ਪਰ ਉਹੀ ਫਸਲ ਜਦੋਂ ਪ੍ਰੋਸੈਸ ਹੋ ਕੇ ਆਮ ਉਪਭੋਗਤਾ ਤੱਕ ਪਹੁੰਚਦੀ ਹੈ, ਤਾਂ ਬਹੁਤ ਮਹਿੰਗੀ ਹੋ ਜਾਂਦੀ ਹੈ। ਇਹ ਵੀ ਚਿੰਤਾਜਨਕ ਪਹਿਲੂ ਹੈ ਕਿ ਸ਼ਹਿਰਾਂ ਦੇ ਮੁਕਾਬਲੇ ਪੇਂਡੂ ਭਾਰਤ ਵਿੱਚ ਮਹਿੰਗਾਈ ਦਰ (3.74%) ਵਧੇਰੇ ਦਰਜ ਕੀਤੀ ਗਈ ਹੈ, ਜੋ ਇਹ ਸਾਬਤ ਕਰਦੀ ਹੈ ਕਿ ਪਿੰਡਾਂ ਦੀ ਆਬਾਦੀ ਇਸ ਦੀ ਸਭ ਤੋਂ ਵੱਧ ਮਾਰ ਝੱਲ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸੰਕਟ ਦਾ ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਜਿਸ ਰਫ਼ਤਾਰ ਨਾਲ ਚੀਜ਼ਾਂ ਦੀਆਂ ਕੀਮਤਾਂ ਵਧੀਆਂ ਹਨ, ਉਸ ਰਫ਼ਤਾਰ ਨਾਲ ਲੋਕਾਂ ਦੀ ਆਮਦਨ ਜਾਂ ਦਿਹਾੜੀ ਵਿੱਚ ਵਾਧਾ ਨਹੀਂ ਹੋਇਆ। ਨੌਕਰੀਪੇਸ਼ਾ ਵਰਗ ਦੀਆਂ ਤਨਖਾਹਾਂ ਸਥਿਰ ਹਨ ਅਤੇ ਮਜ਼ਦੂਰਾਂ ਨੂੰ ਰੋਜ਼ਾਨਾ ਰੁਜ਼ਗਾਰ ਮਿਲਣਾ ਮੁਸ਼ਕਲ ਹੋ ਗਿਆ ਹੈ। ਬੱਚਿਆਂ ਦੀ ਪੜ੍ਹਾਈ (ਸਕੂਲ-ਕਾਲਜ ਦੀਆਂ ਫੀਸਾਂ) ਅਤੇ ਸਿਹਤ ਸਹੂਲਤਾਂ (ਦਵਾਈਆਂ ਅਤੇ ਹਸਪਤਾਲਾਂ ਦੇ ਖਰਚੇ) ਇੰਨੀਆਂ ਮਹਿੰਗੀਆਂ ਹੋ ਚੁੱਕੀਆਂ ਹਨ ਕਿ ਆਮ ਨਾਗਰਿਕ ਆਪਣੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਕਰਜ਼ੇ ਦੇ ਜਾਲ ਵਿੱਚ ਫਸਦਾ ਜਾ ਰਿਹਾ ਹੈ। ਉੱਚ ਸਿੱਖਿਆ ਅਤੇ ਕਿਤਾਬਾਂ ਦੇ ਮਹਿੰਗੇ ਹੋਣ ਕਾਰਨ ਗਰੀਬ ਮਾਪਿਆਂ ਲਈ ਆਪਣੇ ਬੱਚਿਆਂ ਨੂੰ ਉੱਚੀ ਸਿੱਖਿਆ ਦਿਵਾਉਣਾ ਇੱਕ ਸੁਪਨਾ ਬਣਦਾ ਜਾ ਰਿਹਾ ਹੈ।

ਰਹਿਣ-ਸਹਿਣ ਦੀ ਉੱਚੀ ਲਾਗਤ ਦੇ ਕਾਰਨ ਮੱਧਮ ਵਰਗ ਦੇ ਪਰਿਵਾਰਾਂ ਵਿੱਚ ਮਾਨਸਿਕ ਤਣਾਅ ਅਤੇ ਸਮਾਜਿਕ ਸਮੱਸਿਆਵਾਂ ਵਧ ਰਹੀਆਂ ਹਨ। ਹਰ ਮਹੀਨੇ ਬਿਜਲੀ ਦੇ ਬਿੱਲ, ਸਕੂਲ ਦੀਆਂ ਫੀਸਾਂ ਅਤੇ ਰਾਸ਼ਨ ਦਾ ਖਰਚਾ ਪੂਰਾ ਕਰਨਾ ਇੱਕ ਮਾਨਸਿਕ ਬੋਝ ਬਣ ਚੁੱਕਾ ਹੈ। ਰੁਜ਼ਗਾਰ ਦੇ ਸੀਮਤ ਮੌਕਿਆਂ ਕਾਰਨ ਪੜ੍ਹੇ-ਲਿਖੇ ਨੌਜਵਾਨਾਂ ਵਿੱਚ ਨਿਰਾਸ਼ਾ ਅਤੇ ਮੌਜੂਦਾ ਵਿਵਸਥਾ ਪ੍ਰਤੀ ਅਸੰਤੋਖ ਵਧ ਰਿਹਾ ਹੈ।

ਮਹਿੰਗਾਈ ਦੇ ਇਸ ਦੌਰ ਵਿੱਚ ਇੱਕ ਹੋਰ ਗੰਭੀਰ ਵਿਸ਼ਾ ‘ਕਾਰਪੋਰੇਟ ਮੁਨਾਫ਼ਾਖੋਰੀ’ ਦਾ ਹੈ। ਇੱਕ ਪਾਸੇ ਜਿੱਥੇ ਆਮ ਜਨਤਾ ਆਰਥਿਕ ਤੰਗੀ ਨਾਲ ਜੂਝ ਰਹੀ ਹੈ, ਉੱਥੇ ਹੀ ਦੇਸ਼ ਦੀਆਂ ਵੱਡੀਆਂ ਕਾਰਪੋਰੇਟ ਕੰਪਨੀਆਂ ਦੇ ਮੁਨਾਫ਼ੇ ਰਿਕਾਰਡ ਪੱਧਰ ’ਤੇ ਵਧ ਰਹੇ ਹਨ। ਅਕਸਰ ਕੱਚੇ ਮਾਲ ਦੀਆਂ ਕੀਮਤਾਂ ਵਧਣ ਦਾ ਬਹਾਨਾ ਬਣਾ ਕੇ ਉਤਪਾਦਾਂ ਦੇ ਰੇਟ ਤਾਂ ਤੁਰੰਤ ਵਧਾ ਦਿੱਤੇ ਜਾਂਦੇ ਹਨ, ਪਰ ਜਦੋਂ ਕੌਮਾਂਤਰੀ ਬਾਜ਼ਾਰ ਵਿੱਚ ਕੀਮਤਾਂ ਘਟਦੀਆਂ ਹਨ, ਤਾਂ ਉਸ ਦਾ ਲਾਭ ਕਦੇ ਵੀ ਆਮ ਗਾਹਕ ਤੱਕ ਨਹੀਂ ਪਹੁੰਚਾਇਆ ਜਾਂਦਾ। ਸਰਕਾਰੀ ਰੈਗੂਲੇਟਰੀ ਸੰਸਥਾਵਾਂ ਦੀ ਕਥਿਤ ਢਿੱਲ ਅਤੇ ਜਮ੍ਹਾਂਖੋਰਾਂ ’ਤੇ ਸਖ਼ਤ ਕਾਰਵਾਈ ਨਾ ਹੋਣਾ ਇਸ ਸਥਿਤੀ ਨੂੰ ਹੋਰ ਖ਼ਰਾਬ ਕਰ ਰਿਹਾ ਹੈ, ਜਿਸ ਕਾਰਨ ਸਮਾਜ ਵਿੱਚ ਅਮੀਰ ਅਤੇ ਗਰੀਬ ਵਿਚਾਲੇ ਪਾੜਾ ਲਗਾਤਾਰ ਵਧਦਾ ਜਾ ਰਿਹਾ ਹੈ। ਭਾਰਤ ਵਿੱਚ ਵਧ ਰਹੀ ਮਹਿੰਗਾਈ ਸਿਰਫ਼ ਇੱਕ ਆਰਥਿਕ ਅੰਕੜਾ ਨਹੀਂ ਹੈ, ਬਲਕਿ ਇਹ ਇੱਕ ਗੰਭੀਰ ਸਮਾਜਿਕ ਚਿੰਤਾ ਦਾ ਵਿਸ਼ਾ ਹੈ। ਜੇਕਰ ਕੇਂਦਰ ਅਤੇ ਰਾਜ ਸਰਕਾਰਾਂ ਨੇ ਟੈਕਸਾਂ (ਜਿਵੇਂ ਕਿ ਪੈਟਰੋਲੀਅਮ ਪਦਾਰਥਾਂ ’ਤੇ ਐਕਸਾਈਜ਼ ਡਿਊਟੀ ਅਤੇ ਵੈਟ) ਵਿੱਚ ਕਟੌਤੀ ਨਾ ਕੀਤੀ ਅਤੇ ਜਮ੍ਹਾਂਖੋਰੀ ਵਿਰੁੱਧ ਪੁਖਤਾ ਕਦਮ ਨਾ ਚੁੱਕੇ, ਤਾਂ ਆਉਣ ਵਾਲੇ ਸਮੇਂ ਵਿੱਚ ਹਾਲਾਤ ਹੋਰ ਵੀ ਸੰਕਟਪੂਰਨ ਹੋ ਸਕਦੇ ਹਨ। ਆਮ ਆਦਮੀ ਲਈ ਸਨਮਾਨਜਨਕ ਜੀਵਨ ਜਿਊਣਾ ਅਤੇ ਦੋ ਵਕਤ ਦੀ ਰੋਟੀ ਕਮਾਉਣਾ ਇੱਕ ਸੰਘਰਸ਼ ਬਣ ਗਿਆ ਹੈ। ਅੱਜ ਦੇਸ਼ ਦਾ ਆਮ ਨਾਗਰਿਕ ਸਰਕਾਰਾਂ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਿਹਾ ਹੈ ਕਿ ਕਦੋਂ ਨੀਤੀਗਤ ਸੁਧਾਰਾਂ ਰਾਹੀਂ ਉਸ ਨੂੰ ਇਸ ਆਰਥਿਕ ਬੋਝ ਤੋਂ ਰਾਹਤ ਮਿਲੇਗੀ।

**-(ਡਾ. ਕ੍ਰਿਸ਼ਨ ਲਾਲ) ਰਿਟਾਰਡ ਲੈਕਚਰਾਰ ਰਾਜਨੀਤੀ ਸ਼ਾਸ਼ਤਰ ਬੁਢਲਾਡਾ (ਮਾਨਸਾ)**

### ਦਮਦਮੀ ਟਕਸਾਲ ਨੇ ਗੁਰਦੁਆਰਾ ਸਿੰਘ ਸਭਾ ਬਟਾਲਾ ਵਿਖੇ ਸਜਾਏ ਧਾਰਮਿਕ ਦੀਵਾਨ

## ਸ਼ਹੀਦਾਂ ਦੇ ਸਤਿਕਾਰ ’ਚ ਸੰਗਤਾਂ ਵੱਧ ਚੜ ਕੇ ਸਮਾਗਮਾਂ ’ਚ ਹਾਜਰੀ ਭਰਨ : ਬਾਬਾ ਹਰਨਾਮ ਸਿੰਘ






**ਚੌਂਕ ਮਹਿਤਾ, 16 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਵੱਲੋਂ ਅੱਜ ਗੁਰਦੁਆਰਾ ਸਿੰਘ ਸਭਾ ਕਾਹਨੂੰਵਾਨ ਰੋਡ ਬਟਾਲਾ ਵਿਖੇ ਸ਼ਾਮ ਵੇਲੇ ਦੇ ਧਾਰਮਿਕ ਦੀਵਾਨ ਸਜਾਏ ਗਏ। ਜਿਕਰਯੋਗ ਹੈ ਕਿ ਸਾਕਾ ਨੀਲਾ ਤਾਰਾ (ਬਲਿਊ ਸਟਾਰ ਆਪ੍ਰੇਸ਼ਨ) ਦੌਰਾਨ ਸ਼ਹੀਦ ਹੋਏ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਇਹ ਦੀਵਾਨ ਮਾਝਾ ਇਲਾਕੇ ਦੇ ਵੱਖ ਵੱਖ ਨਗਰਾਂ ਵਿੱਚ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਸਜਾਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਦੇ ਦੀਵਾਨ ਮੌਕੇ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਨੇ ਪਵਿੱਤਰ ਗੁਰਬਾਣੀ ਦਾ ਮਿੱਠੜਾ ਕੀਰਤਨ ਕੀਤਾ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸ੍ਰੀ ਸੂਰਜ ਪ੍ਰਕਾਸ਼ ਗ੍ਰੰਥ ’ਚੋਂ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਗੁਰ ਇਤਿਹਾਸ ਦਾ ਲੜੀਵਾਰ ਪ੍ਰਸੰਗ ਸਰਵਨ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਦੌਰਾਨ ਗਿਆਨੀ ਖਾਲਸਾ ਨੇ ਜਿਥੇ ਸੰਗਤ ਨੂੰ ਅੰਮ੍ਰਿਤ ਛੱਕਣ, ਸਿੰਘ ਸੱਜਣ ਅਤੇ ਨਿਤਨੇਮੀ ਬਣਨ ਦੀ ਸੇਧ ਦਿੱਤੀ, ਉਥੇ ਹੀ ਸ਼ਹੀਦਾਂ ਦੇ ਸਤਿਕਾਰ ਵਿਚ ਸੰਗਤਾਂ ਨੂੰ ਵੱਧ ਚੜ ਕੇ ਇਨ੍ਹਾਂ ਦੀਵਾਨਾਂ ਵਿਚ ਹਾਜਰੀਆਂ ਭਰਨ ਦੀ ਅਪੀਲ ਕੀਤੀ। ਕਥਾ ਵਿਚਾਰ ਮੌਕੇ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਅਤੇ ਸਟੇਜ ਸੰਚਾਲਨ ਦੀ ਸੇਵਾ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਸਮਾਗਮ ਦੇ ਅਖੀਰ ਵਿਚ ਪ੍ਰਬੰਧਕਾਂ ਨੇ ਸਿਰੋਪਾਓ ਅਤੇ ਦੁਸ਼ਾਲਾ ਭੇਟ ਕਰਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਤਿਕਾਰ ਕੀਤਾ।

ਇਸ ਮੌਕੇ ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਪ੍ਰਭਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ,ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਮਨੋਹਰ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਅਸ਼ਮੀਤ ਕੌਰ ਮਲਹੋਤਰਾ ਨੇ 95 ਪ੍ਰਤੀਸ਼ਤ ਨੰਬਰ ਲੈਕੇ ਪਰਿਵਾਰ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ



ਜੰਡਿਆਲਾ ਗੁਰੂ 16 ਮਈ ( ਕੁਲਵੰਤ ਸਿੰਘ ਵਿਰਦੀ ) - ਮਨੋਹਰ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਅਸ਼ਮੀਤ ਕੌਰ ਮਲਹੋਤਰਾ ਪੁੱਤਰੀ ਸ੍ਰ ਗੁਰਚਰਨ ਸਿੰਘ ਮਲਹੋਤਰਾ ਨੇ ਬਾਰਵੀਂ ਕਲਾਸ ਕਾਮਰਸ ਵਿਸ਼ਾ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚੋ 500 ਵਿੱਚੋ 477 ਨੰਬਰ 95.4 ਪ੍ਰਤੀਸ਼ਤ ਹਾਸਲ ਕਰਕੇ ਮਲਹੋਤਰਾ ਪਰਿਵਾਰ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਦੌਰਾਨ ਸਕੂਲ ਦੇ ਡਾਇਰੈਕਟਰ ਸੁਰੇਸ਼ ਕੁਮਾਰ ਵਲੋ ਅਸ਼ਮੀਤ ਕੌਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਬੱਚੀ ਦੀ ਉੱਚ ਸਿੱਖਿਆ ਲਈ ਉਸਦਾ ਮਾਰਗ ਦਰਸ਼ਕ ਬਣਿਆ ਰਹਾਂਗਾ । ਓਹਨਾਂ ਕਿਹਾ ਕਿ ਇਹ ਹੋਣਹਾਰ ਬੱਚੀ ਉੱਚ ਸਿੱਖਿਆ ਵਿੱਚ ਵੀ ਚੰਗੇ ਮੁਕਾਮ ਹਾਸਿਲ ਕਰੇਗੀ । ਅਸ਼ਮੀਤ ਕੌਰ ਦੇ ਪਿਤਾ ਗੁਰਚਰਨ ਸਿੰਘ ਨੇ ਕਿਹਾ ਕਿ ਓਹਨਾਂ ਦੀ ਵੱਡੀ ਬੇਟੀ ਵੀ ਚੰਗੀ ਵਿੱਦਿਆ ਹਾਸਲ ਕਰਕੇ ਹੁਣ ਵਿਦੇਸ਼ ਕੈਨੇਡਾ ਉੱਚ ਸਿੱਖਿਆ ਪ੍ਰਾਪਤ ਕਰ ਰਹੀ ਹੈ । ਅਸ਼ਮੀਤ ਕੌਰ ਨੇ ਕਿਹਾ ਕਿ ਉਹ ਉੱਚ ਸਿੱਖਿਆ ਪ੍ਰਾਪਤ ਕਰਕੇ ਪ੍ਰੋਫੈਸਰ ਬਣਨਾ ਚਾਹੁੰਦੀ ਹੈ ਤਾਂ ਜ਼ੋ ਉਹ ਹੋਰ ਵਿਦਿਆਰਥੀਆਂ ਨੂੰ ਵਿਦਿਆ ਦੇ ਸਕੇ ।

ਆਵਾਜ਼ਿ ਕੌਮ AWAZE QAUM International Newspaper & WEB TV

## ਅਗਸਤ 2026 ’ਚ ਸੁਪਰੀਮ ਕੋਰਟ ਵਿਖੇ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਲਈ ਪ੍ਰੀ-ਲੋਕ ਅਦਾਲਤਾਂ ਸ਼ੁਰੂ

**ਹੁਸ਼ਿਆਰਪੁਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੀ ਸੁਪਰੀਮ ਕੋਰਟ ਵਿਖੇ 21, 22 ਅਤੇ 23 ਅਗਸਤ, 2026 ਨੂੰ ਹੋਣ ਵਾਲੀ ਵਿਸ਼ੇਸ਼ ਲੋਕ ਅਦਾਲਤ ਦੇ ਮੱਦੇਨਜ਼ਰ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਪੱਧਰ ’ਤੇ ਪ੍ਰੀ-ਲੋਕ ਅਦਾਲਤਾਂ ਸ਼ੁਰੂ ਹੋ ਗਈਆਂ ਹਨ। ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਇਹ ਪ੍ਰੀ-ਲੋਕ ਅਦਾਲਤਾਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਲਗਾਈਆਂ ਜਾ ਰਹੀਆਂ ਹਨ। ਜਾਣਕਾਰੀ ਅਨੁਸਾਰ ਭਾਰਤ ਦੀ ਸੁਪਰੀਮ ਕੋਰਟ ਨੇ 21 ਅਪ੍ਰੈਲ, 2026 ਤੋਂ “ਸਮਾਧਾਨ ਸਮਾਰੋਹ” ਸ਼ੁਰੂ ਕੀਤਾ ਹੈ, ਜੋ ਅਗਸਤ 2026 ਵਿੱਚ ਇੱਕ ਵਿਸ਼ੇਸ਼ ਲੋਕ ਅਦਾਲਤ ਵਿੱਚ ਸਮਾਪਤ ਹੋਵੇਗਾ। ਇਸ ਸਬੰਧ ਵਿੱਚ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਨੂੰ ਸੁਪਰੀਮ ਕੋਰਟ ਵਿੱਚ ਲੰਬਿਤ ਮਾਮਲਿਆਂ ਨੂੰ ਆਪਸੀ ਸਮਝੌਤੇ ਰਾਹੀਂ ਹੱਲ ਕਰਨ ਲਈ ਪ੍ਰੀ-ਲੋਕ ਅਦਾਲਤਾਂ ਲਗਾਉਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਐਸ.ਏ.ਐਸ ਨਗਰ ਸਥਿਤ ਆਪਣੇ ਮੁੱਖ ਦਫਤਰ ਰਾਹੀਂ ਸੁਪਰੀਮ ਕੋਰਟ ਵਿੱਚ ਲੰਬਿਤ ਹੁਸ਼ਿਆਰਪੁਰ ਜ਼ਿਲ੍ਹੇ ਨਾਲ ਸਬੰਧਤ ਮਾਮਲਿਆਂ ਦੀ ਸੂਚੀ ਪ੍ਰਾਪਤ ਹੋਈ ਹੈ। ਇਨ੍ਹਾਂ ਮਾਮਲਿਆਂ ਵਿੱਚ ਦੋਵਾਂ ਧਿਰਾਂ ਨੂੰ ਨੋਟਿਸ ਅਤੇ ਸੰਮਨ ਜਾਰੀ ਕੀਤੇ ਜਾ ਚੁੱਕੇ ਹਨ ਤਾਂ ਜੋ ਆਪਸੀ ਸਮਝੌਤੇ ਰਾਹੀਂ ਵਿਵਾਦਾਂ ਦਾ ਹੱਲ ਕੀਤਾ ਜਾ ਸਕੇ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਦੀ ਅਗਵਾਈ ਹੇਠ 31 ਮਈ, 2026 ਤੱਕ ਲਗਾਤਾਰ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243